


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਬੁੱਧਵਾਰ, 19 ਫਰਵਰੀ 2025

Email:- lokbani08@gmail.com




R. N. I. Punpun/29016/2008 * ਸਾਲ 16 , * ਅੰਕ : 246 * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111




## ਅਫਗਾਨਿਸਤਾਨ ਵਿੱਚ ਭੂਚਾਲ ਦੇ ਝਟਕੇ


ਬਦਖਸ਼ਾਨ ਲੋਕ ਬਾਣੀ- ਅਫਗਾਨਿਸਤਾਨ ਵਿੱਚ ਮੰਗਲਵਾਰ ਤੜਕੇ 4.3 ਦੀ ਸ਼ਿੱਦਤ ਵਾਲਾ ਭੂਚਾਲ ਮਹਿਸੂਸ ਕੀਤਾ ਗਿਆ। ਨੈਸ਼ਨਲ ਸੈਂਟਰ ਫਾਰ ਸਿਸਮੋਲੋਜੀ (ਐਨਸੀਐਸ) ਦੇ ਅਨੁਸਾਰ ਭੂਚਾਲ 180 ਕਿਲੋਮੀਟਰ ਦੀ ਡੂੰਘਾਈ 'ਤੇ ਆਇਆ ਅਤੇ ਇਸ ਨੂੰ ਅਕਸ਼ਾਂਸ਼ 36.52 ਐਨ, ਲੰਬਕਾਰ 71.10 ਈ 'ਤੇ ਰਿਕਾਰਡ ਕੀਤਾ ਗਿਆ। ਭੂਚਾਲ ਭਾਰਤੀ ਸਮੇਂ ਅਨੁਸਾਰ



ਸਵੇਰੇ 03:37 ਵਜੇ ਆਇਆ। ਪਿਛਲੇ ਤੀਹ ਦਿਨਾਂ ਵਿੱਚ ਅਫਗਾਨਿਸਤਾਨ ਵਿੱਚ 17 ਵਾਰ ਭੂਚਾਲ ਆ ਚੁੱਕੇ ਹਨ।

## ਧੌਲਾਧਰ ਪਹਾੜਾਂ 'ਚ ਟਰੈਕਿੰਗ ਹਾਦਸਾ: UK ਦੇ ਇਕ ਨਾਗਰਿਕ ਦੀ ਮੌਤ, ਦੂਜੇ ਨੂੰ ਬਚਾਇਆ

ਧਰਮਸ਼ਾਲਾ, ਲੋਕ ਬਾਣੀ- ਰਾਜ ਆਫ਼ਤ ਪ੍ਰਬੰਧਨ ਅਥਾਰਟੀ ਵੱਲੋਂ ਧੌਲਾਧਰ ਪਹਾੜੀਆਂ 'ਚ ਚਲਾਏ ਗਏ ਇਕ ਬਚਾਅ ਅਪਰੇਸ਼ਨ ਦੌਰਾਨ ਬਰਤਾਨੀਆ (ᵁᵀᴹ) ਦੇ ਇਕ ਨਾਗਰਿਕ ਰਾਬਰਟ ਜੌਨ ਨੂੰ ਬਚਾ ਲਿਆ ਗਿਆ ਪਰ ਇਸ ਦੌਰਾਨ ਯੂਕੇ ਦੇ ਹੀ ਇਕ ਹੋਰ ਨਾਗਰਿਕ ਹਾਵਰਡ ਥਾਮਸ ਹੈਰੀ ਦੀ ਲਾਸ਼ ਬਰਾਮਦ ਕੀਤੀ ਗਈ ਹੈ।ਐਸਪੀ ਐਸਡੀਆਰਐਫ ਅਰਜੀਤ ਸੇਨ ਨੇ ਦੱਸਿਆ ਕਿ 16 ਫਰਵਰੀ ਨੂੰ ਸ਼ਾਮ 6 ਵਜੇ ਦੇ ਕਰੀਬ ਕੰਟਰੋਲ ਰੂਮ ਐਚਪੀਐਸਡੀਆਰਐਫ



ਕਾਂਗੜਾ ਯੂਨਿਟ ਨੂੰ ਕਾਂਗੜਾ ਪ੍ਰਸ਼ਾਸਨ ਤੋਂ ਦੋ ਜ਼ਖਮੀ ਸੈਲਾਨੀਆਂ ਨੂੰ ਬਚਾਉਣ ਦੀ ਲੋੜ ਬਾਰੇ ਜਾਣਕਾਰੀ ਮਿਲੀ। ਇਹ ਦੋਵੇਂ ਬਰਤਾਨਵੀ ਨਾਗਰਿਕ ਸਨ,

## ਰੂਸ-ਅਮਰੀਕਾ ਨੇ ਸਬੰਧ ਸੁਧਾਰਨ ਤੇ ਯੂਕਰੇਨ ਜੰਗ ਦੇ ਖ਼ਾਤਮੇ ਬਾਰੇ ਕੀਤੀ ਚਰਚਾ

ਰਿਆਧ, ਲੋਕ ਬਾਣੀ-ਰੂਸ ਅਤੇ ਅਮਰੀਕਾ ਦੇ ਚੋਟੀ ਦੇ ਡਿਪਲੋਮੈਟ ਮੰਗਲਵਾਰ ਨੂੰ ਸਾਊਦੀ ਅਰਬ ਵਿੱਚ ਮਿਲੇ ਅਤੇ ਆਪਸੀ ਸਬੰਧਾਂ ਨੂੰ ਸੁਧਾਰਨ ਅਤੇ ਨਾਲ ਹੀ ਯੂਕਰੇਨ ਜੰਗ ਖ਼ਤਮ ਕਰਨ ਬਾਰੇ ਵਿਚਾਰਾਂ ਕੀਤੀਆਂ। ਇਹ ਗੱਲਬਾਤ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ (President Donald Trump) ਦੇ ਅਧੀਨ ਅਮਰੀਕੀ ਵਿਦੇਸ਼ ਨੀਤੀ




ਵਿੱਚ ਵੱਡੀ ਅਤੇ ਅਹਿਮ ਤਬਦੀਲੀ ਨੂੰ ਦਰਸਾਉਂਦੀ ਹੈ।

## ਚਾਰ ਸਾਲਾ ਬੱਚੀ ਦੀ ਝੂਲੇ ਦੀ ਰੱਸੀ ਗਲ ਵਿੱਚ ਫਸਣ ਕਾਰਨ ਮੌਤ

ਟੋਹਾਣਾ, ਲੋਕ ਬਾਣੀ- ਗੌਰਮਿੰਟ ਪ੍ਰਾਈਮਰੀ ਸਕੂਲ ਢਾਣੀ ਟਾਹਲੀ ਵਾਲੀ ਦੇ ਖੇਡ ਮੈਦਾਨ ਵਿੱਚ ਚਾਰ ਸਾਲਾ ਬੱਚੀ ਦੀ ਦਰਦਨਾਕ ਮੌਤ ਹੋਣ ਕਾਰਨ ਪਿੰਡ ਵਿੱਚ ਸੋਗ ਫੈਲ ਗਿਆ। ਪਿੰਡ ਦੇ ਲੋਕ ਸਕੂਲ ਪੁੱਜੇ ਤੇ ਬੱਚੀ ਨੂੰ ਸਰਕਾਰੀ ਹਸਪਤਾਲ ਲੈ ਕੇ ਗਏ। ਹਸਪਤਾਲ ਪੁੱਜਦੇ ਹੀ ਡਾਕਟਰਾਂ ਨੇ ਬੱਚੀ ਨੂੰ ਮ੍ਰਿਤਕ ਐਲਾਨ ਦਿੱਤਾ।


ਪਿੰਡ ਤੋਂ ਮਿਲੀ ਜਾਣਕਾਰੀ ਮੁਤਾਬਿਕ ਪਰਵਾਸੀ ਖੇਤੀ ਮਜ਼ਦੂਰ ਕਮਾਲ ਅਹਿਮਦ ਪਿਛਲੇ ਲੰਬੇ ਸਮੇਂ ਤੋਂ ਢਾਣੀ ਟਾਹਲੀ ਵਾਲੀ ਪਿੰਡ ਵਿੱਚ ਰਹਿੰਦਾ ਹੈ।



ਉਸਦੇ ਚਾਰ ਬੱਚੇ ਸਨ ਸਭ ਤੋਂ ਛੋਟੀ ਬੇਟੀ ਆਸਮੀਨ ਆਪਣੇ ਭੈਣ-ਭਰਾਵਾਂ ਨਾਲ ਸਕੂਲ ਜਾਂਦੀ ਸੀ। ਬੱਚੀ ਖੇਡ ਮੈਦਾਨ ਵਿੱਚ ਦੂਜੇ ਬੱਚਿਆਂ ਨਾਲ ਖੇਡ ਰਹੀ ਸੀ

## ਪਤੀ-ਪਤਨੀ ਨੇ ਚੁੱਕਿਆ ਖੌਫ਼ਨਾਕ ਕਦਮ, ਸਰਹਿੰਦ ਨਹਿਰ ਵਿਚ ਛਾਲ ਮਾਰ ਕੀਤੀ ਆਤਮ ਹੱਤਿਆ

ਮਾਛੀਵਾੜਾ ਸਾਹਿਬ ਲੋਕ ਬਾਣੀ ਨਜ਼ਦੀਕੀ ਪਿੰਡ ਹੇਡੋਂ ਦੇ ਨਿਵਾਸੀ ਜਸਵੰਤ ਸਿੰਘ (38) ਸਾਲ ਤੇ ਉਸ ਦੀ ਪਤਨੀ ਨੇਹਾ ਰਾਣੀ ਨੇ ਨਹਿਰ ਵਿਚ ਛਾਲ ਮਾਰ ਕੇ ਆਤਮ ਹੱਤਿਆ ਕਰ ਲਈ। ਪ੍ਰਾਪਤ ਜਾਣਕਾਰੀ ਅਨੁਸਾਰ ਕਿਸੇ ਵਿਅਕਤੀ ਨੇ ਪੁਲਿਸ ਨੂੰ ਸੂਚਿਤ ਕੀਤਾ ਕਿ ਇਕ ਕਾਰ ਸਰਹੰਦ ਨਹਿਰ ਕਿਨਾਰੇ ਸ਼ੱਕੀ ਹਾਲਤ ਕਾਫੀ ਸਮੇਂ ਤੋ ਖੜ੍ਹੀ ਹੈ। ਸੂਚਨਾ ਮਿਲਦੇ ਹੀ ਪੁਲਿਸ



ਅਧਿਕਾਰੀ ਮੌਕੇ ਤੇ ਪਹੁੰਚੇ ਤੇ ਦੇਖਿਆ ਕਿ ਕਾਰ ਦੇ ਨੇੜੇ ਚੱਪਲਾਂ ਤੇ ਇਕ ਮੋਬਾਇਲ ਫੋਨ ਪਿਆ ਸੀ।

## ਬਜਟ ਇਜਲਾਸ ਵਿਚ ਸ਼ਮੂਲੀਅਤ ਲਈ ਹਾਈ ਕੋਰਟ ਪੁੱਜਾ ਅੰਮ੍ਰਿਤਪਾਲ ਸਿੰਘ

ਚੰਡੀਗੜ੍ਹ, , ਲੋਕ ਬਾਣੀ- ਹਲਕਾ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੇ ਸੰਸਦ ਦੇ ਬਜਟ ਇਜਲਾਸ ਵਿਚ ਸ਼ਮੂਲੀਅਤ ਲਈ ਪੰਜਾਬ ਤੇ ਹਰਿਆਣਾ ਹਾਈ ਕੋਰਟ ਦਾ ਰੁਖ਼ ਕਰਦਿਆਂ ਕੇਂਦਰ ਸਰਕਾਰ, ਪੰਜਾਬ ਸਰਕਾਰ ਤੇ ਹੋਰਨਾਂ ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕਰਨ ਦੀ ਮੰਗ ਕੀਤੀ ਹੈ। ਅੰਮ੍ਰਿਤਪਾਲ ਸਿੰਘ ਨੇ ਪਟੀਸ਼ਨ ਵਿਚ ਕਿਹਾ ਕਿ ਲੋਕ ਸਭਾ ਦੇ ਸਕੱਤਰ ਜਨਰਲ ਵੱਲੋਂ



ਜਾਰੀ ਸੰਮਨਾਂ ਦੀ ਤਾਮੀਲ ਲਈ ਉਸ ਦੀ ਸੰਸਦ ਵਿਚ ਹਾਜ਼ਰੀ ਜ਼ਰੂਰੀ ਹੈ। ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਉਸ ਦੀ ਗੈਰਹਾਜ਼ਰੀ ਉਸ ਦੇ ਸੰਵਿਧਾਨਕ ਹੱਕਾਂ ਦੀ ਉਲੰਘਣਾ ਹੈ।

## ਚੈਂਪੀਅਨਜ਼ ਟਰਾਫੀ ਤੋਂ ਪਹਿਲਾਂ ਪਾਕਿਸਤਾਨ ਚ ਵੱਡਾ ਅੱਤਵਾਦੀ ਹਮਲਾ, ਚਾਰ ਫ਼ੌਜੀਆਂ ਦੀ ਗਈ ਜਾਨ

ਪੇਸ਼ਾਵਰ , ਲੋਕ ਬਾਣੀ- ਚੈਂਪੀਅਨਜ਼ ਟਰਾਫੀ ਤੋਂ ਇਕ ਦਿਨ ਪਹਿਲਾਂ ਪਾਕਿਸਤਾਨ ਵਿਚ ਇਕ ਵੱਡਾ ਅੱਤਵਾਦੀ ਹਮਲਾ ਹੋਇਆ ਹੈ। ਅਣਪਛਾਤੇ ਬੰਦੂਕਧਾਰੀਆਂ ਨੇ ਨੀਮ ਫੌਜੀ ਬਲਾਂ ਨੂੰ ਨਿਸ਼ਾਨਾ ਬਣਾਇਆ। ਇਸ ਹਮਲੇ ਵਿਚ ਚਾਰ ਸੈਨਿਕਾਂ ਦੀ ਜਾਨ ਚਲੀ ਗਈ ਹੈ। ਪੰਜ ਹੋਰ ਜ਼ਖਮੀ ਹਨ। ਅੱਤਵਾਦੀਆਂ ਨੇ ਇਹ ਹਮਲਾ ਪਾਕਿਸਤਾਨ ਦੇ ਹਿੰਸਾ ਪ੍ਰਭਾਵਿਤ



ਜ਼ਿਲ੍ਹੇ ਕੁਰਮ ਵਿਚ ਕੀਤਾ ਹੈ। ਪਿਛਲੇ ਸਾਲ ਕੁਰਮ ਵਿਚ ਸ਼ੀਆ ਅਤੇ ਸੁੰਨੀ ਭਾਈਚਾਰਿਆਂ ਵਿਚਕਾਰ ਹਿੰਸਾ ਭੜਕ ਗਈ ਸੀ।

## ਚੋਰੀ ਦੇ ਸੱਤ ਸਾਈਕਲਾਂ ਸਣੇ ਮੁਲਜ਼ਮ ਕਾਬੂ

ਜਲੰਧਰ, ਲੋਕ ਬਾਣੀ --ਜਲੰਧਰ ਕਮਿਸ਼ਨਰੇਟ ਪੁਲੀਸ ਨੇ ਰਣਜੀਤ ਐਨਕਲੇਵ ਦੀਪ ਨਗਰ ਦੇ ਵਸਨੀਕ ਸਫੀ ਨੂੰ ਕਈ ਸਾਈਕਲ ਚੋਰੀਆਂ ਵਿੱਚ ਸ਼ਾਮਲ ਹੋਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਦਸਹਿਰਾ ਗਰਾਊਂਡ ਨੇੜੇ ਕੀਤੀ ਗਈ ਇਸ ਗ੍ਰਿਫ਼ਤਾਰੀ ਨਾਲ ਸੱਤ ਚੋਰੀ ਹੋਏ ਸਾਈਕਲ ਬਰਾਮਦ ਹੋਏ। ਪੁਲੀਸ ਕਮਿਸ਼ਨਰ ਸਵਪਨ ਸ਼ਰਮਾ ਨੇ ਕਿਹਾ ਕਿ ਇਹ ਕਾਰਵਾਈ ਸਫੀ ਦੀਆਂ ਗਤੀਵਿਧੀਆਂ ਬਾਰੇ ਮਿਲੀ ਸੂਚਨਾ ਤੋਂ ਬਾਅਦ ਕੀਤੀ ਗਈ ਸੀ। ਉਹ ਇਸ ਸਮੇਂ




ਪੁਲੀਸ ਹਿਰਾਸਤ ਵਿੱਚ ਹੈ ਅਤੇ ਜਾਂਚ ਜਾਰੀ ਹੈ। ਉਨ੍ਹਾਂ ਨੇ ਨਾਗਰਿਕਾਂ ਨੂੰ ਚੌਕਸ ਰਹਿਣ ਅਤੇ ਸ਼ੱਕੀ ਗਤੀਵਿਧੀਆਂ ਦੀ ਤੁਰੰਤ ਰਿਪੋਰਟ ਕਰਨ ਦੀ ਵੀ ਅਪੀਲ ਕੀਤੀ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# DC ਸਸਪੈਂਡ ਕਰਨ ਤੋਂ ਬਾਅਦ ਪੰਜਾਬ ਸਰਕਾਰ ਨੇ ਪ੍ਰੈਸ ਨੋਟ ਕੀਤਾ ਜਾਰੀ

ਚੰਡੀਗੜ੍ਹ,(ਲੋਕ ਬਾਣੀ) ਪੰਜਾਬ ਵਿੱਚ ਭ੍ਰਿਸ਼ਟ ਅਧਿਕਾਰੀਆਂ ਵਿਰੁੱਧ ਵੱਡੀ ਕਾਰਵਾਈ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਵੱਢੀਖੋਰੀ ਦੀਆਂ ਸ਼ਿਕਾਇਤਾਂ ਮਿਲਣ ਮਗਰੋਂ ਸ੍ਰੀ ਮੁਕਤਸਰ ਸਾਹਿਬ ਦੇ ਡਿਪਟੀ ਕਮਿਸ਼ਨਰ ਨੂੰ ਅਹੁਦੇ ਤੋਂ ਹਟਾ ਦਿੱਤਾ ਅਤੇ ਮੁਅੱਤਲ ਕਰ ਦਿੱਤਾ ਹੈ।

ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਅੱਜ ਇੱਥੇ ਦੱਸਿਆ ਕਿ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਨਾਲ ਕਤਈ ਲਿਹਾਜ਼ ਨਾ ਵਰਤਣ ਦੀ ਨੀਤੀ ਅਨੁਸਾਰ ਸੂਬਾ ਸਰਕਾਰ ਨੇ ਹਾਲ ਹੀ ਵਿੱਚ ਸਾਰੇ ਅਧਿਕਾਰੀਆਂ ਨੂੰ ਵਿਸਤਾਰ ਨਾਲ ਹਦਾਇਤਾਂ ਜਾਰੀ ਕੀਤੀਆਂ ਸਨ। ਇਨ੍ਹਾਂ ਹਦਾਇਤਾਂ ਮੁਤਾਬਕ ਪੰਜਾਬ ਸਰਕਾਰ ਨੇ ਅਧਿਕਾਰੀਆਂ ਨੂੰ ਹੋਰ ਜ਼ਿਆਦਾ ਜਵਾਬਦੇਹ ਤੇ ਕਾਰਜ ਕੁਸ਼ਲ ਬਣਾਉਣ ਲਈ ਹਰੇਕ ਡਿਪਟੀ ਕਮਿਸ਼ਨਰ, ਐਸ.ਐਸ.ਪੀ., ਐਸ.ਡੀ.ਐਮ., ਤਹਿਸੀਲਦਾਰ, ਨਾਇਬ ਤਹਿਸੀਲਦਾਰ, ਐਸ.ਪੀ., ਡੀ.ਐਸ.ਪੀ., ਐਸ.ਐਚ.ਓ. ਅਤੇ ਹੋਰ ਫੀਲਡ ਅਧਿਕਾਰੀਆਂ/ਮੁਲਾਜ਼ਮਾਂ ਬਾਰੇ ਨਾ ਸਿਰਫ਼ ਆਮ ਲੋਕਾਂ ਤੋਂ, ਸਗੋਂ ਚੁਣੇ ਹੋਏ ਨੁਮਾਇੰਦਿਆਂ ਸੰਸਦ ਮੈਂਬਰਾਂ ਅਤੇ ਵਿਧਾਇਕਾਂ ਤੋਂ ਫੀਡਬੈਕ ਵੀ ਲਿਆ ਜਾਵੇਗਾ। ਇਹ ਆਦੇਸ਼ ਵੀ ਦਿੱਤੇ ਗਏ ਸਨ ਕਿ ਫੀਡਬੈਕ ਮੁਤਾਬਕ ਅਫਸਰਾਂ ਲਈ ਆਪਣੇ-ਆਪ ਇਨਾਮ ਅਤੇ ਸਜ਼ਾਵਾਂ ਤੈਅ ਹੋਣਗੀਆਂ।

ਇਸੇ ਤਰ੍ਹਾਂ ਲੋਕਾਂ ਦੇ ਫੀਡਬੈਕ ਦੇ ਆਧਾਰ ਤੇ ਸੂਬਾ ਸਰਕਾਰ ਨੇ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਵਿਰੁੱਧ ਸਖ਼ਤ ਕਾਰਵਾਈ ਕੀਤੀ ਹੈ। ਸੂਬਾ ਸਰਕਾਰ ਨੂੰ ਡਿਪਟੀ ਕਮਿਸ਼ਨਰ ਖ਼ਿਲਾਫ਼ ਭ੍ਰਿਸ਼ਟਾਚਾਰ ਦੀਆਂ ਗੰਭੀਰ ਸ਼ਿਕਾਇਤਾਂ ਮਿਲੀਆਂ ਸਨ, ਜਿਸ ਤੋਂ ਬਾਅਦ ਅਧਿਕਾਰੀ ਖ਼ਿਲਾਫ਼ ਡੂੰਘਾਈ ਨਾਲ ਜਾਂਚ ਕੀਤੀ ਗਈ। ਮੁੱਢਲੀ ਜਾਂਚ ਦੇ ਆਧਾਰ ਤੇ ਸੂਬਾ ਸਰਕਾਰ ਨੇ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਹੈ।




ਡਿਪਟੀ ਕਮਿਸ਼ਨਰ ਨੂੰ ਉਨ੍ਹਾਂ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ ਹੈ ਅਤੇ ਉਨ੍ਹਾਂ ਖ਼ਿਲਾਫ਼ ਵਿਜੀਲੈਂਸ ਜਾਂਚ ਦਾ ਹੁਕਮ ਦੇ ਦਿੱਤਾ ਗਿਆ ਹੈ। ਇਹ ਜਨਤਕ ਸੇਵਾਵਾਂ ਪ੍ਰਦਾਨ ਕਰਨ ਵਿੱਚ ਪੂਰੀ ਪਾਰਦਰਸ਼ਤਾ, ਜਵਾਬਦੇਹੀ ਅਤੇ ਇਮਾਨਦਾਰੀ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਹੈ। ਭ੍ਰਿਸ਼ਟ ਅਮਲ, ਜਨਤਕ ਵਿਸ਼ਵਾਸ ਨੂੰ ਕਮਜ਼ੋਰ ਕਰਦੇ ਹਨ ਤੇ ਸੰਸਥਾਵਾਂ ਦੀ ਭਰੋਸੇਯੋਗਤਾ ਨੂੰ ਖੋਰਾ ਲਾਉਂਦੇ ਹਨ ਅਤੇ ਰਾਸ਼ਟਰੀ ਵਿਕਾਸ ਵਿੱਚ ਰੁਕਾਵਟ ਪਾਉਂਦੇ ਹਨ, ਇਸ ਲਈ ਇਸ ਖ਼ਤਰੇ ਨਾਲ ਸਿੱਝਣ ਨੂੰ ਮੁੱਖ ਤਰਜੀਹ ਦਿੱਤੀ ਜਾ ਰਹੀ ਹੈ।

# ਰਜਿੰਦਰਾ ਹਸਪਤਾਲ ਵਿੱਚ ਲਾਈਟ ਜਾਣ ਦੇ ਮਾਮਲੇ ਵਿੱਚ ਹਾਈ ਕੋਰਟ ਨੇ ਤਕਨੀਕ ਉਤੇ ਖੜ੍ਹੇ ਕੀਤੇ ਸਵਾਲ




(ਲੋਕ ਬਾਣੀ) ਪਟਿਆਲਾ ਦੇ ਰਜਿੰਦਰਾ ਹਸਪਤਾਲ ਵਿੱਚ ਆਪਰੇਸ਼ਨ ਦੌਰਾਨ ਲਾਈਟ ਬੰਦ ਹੋਣ ਦੇ ਮਾਮਲੇ ਵਿੱਚ ਟੀਮ ਵੱਲੋਂ ਜਾਂਚ ਰਿਪੋਰਟ ਦਾਖ਼ਲ ਕਰ ਦਿੱਤੀ ਗਈ ਹੈ। ਜਾਂਚ ਰਿਪੋਰਟ ਵਿੱਚ ਕਈ ਵੱਡੇ ਖੁਲਾਸੇ ਹੋਏ ਹਨ। 24 ਜਨਵਰੀ 2025 ਨੂੰ ਸਵੇਰੇ 11:44 ਮਿੰਟ ਉਤੇ ਬਿਜਲੀ ਗਈ ਜੋ 13 ਮਿੰਟ ਬਾਅਦ 11:57 ਮਿੰਟ ਉਤੇ ਆਈ ਅਤੇ 11:46 ਮਿੰਟ ਉਤੇ ਮੈਨੂਅਲ ਤੌਰ ਉਤੇ ਬੈਕਅੱਪ ਨੇ ਕੰਮ ਸ਼ੁਰੂ ਕੀਤਾ ਸੀ। ਹਸਪਤਾਲ ਅੰਦਰ ਰੈਗੂਲਰ ਸਪਲਾਈ ਤੋਂ ਡੀਜੀ ਸੈਟ ਤੇ ਬਿਜਲੀ ਨੂੰ ਬਦਲਣ ਲਈ ਆਟੋਮੈਟਿਕ ਨਹੀਂ ਮੈਨੂੰਅਲ ਤਕਨੀਕ ਦਾ ਇਸਤੇਮਾਲ ਕੀਤਾ ਜਾ ਰਿਹਾ ਹੈ। ਹਾਈਕੋਰਟ ਨੇ ਹੈਰਾਨੀ ਪ੍ਰਗਟ ਕੀਤੀ ਕਿ 13 ਮਿੰਟ ਤੱਕ ਲਾਈਟ ਬੰਦ ਰਹੀ ਅਤੇ ਦੋ ਮਿੰਟ ਪਾਵਰ ਬੈਕ ਅਪ ਲਈ ਲੱਗੇ ਜਿੱਥੇ ਇੱਕ ਸਕਿੰਟ ਵੀ ਬਿਜਲੀ ਨਹੀਂ ਜਾਣੀ ਚਾਹੀਦੀ ਉੱਥੇ ਆਟੋਮੈਟਿਕ ਦੀ ਜਗ੍ਹਾ ਮੈਨੂੰਅਲ ਤਕਨੀਕ ਦਾ ਇਸਤੇਮਾਲ ਕੀਤਾ ਜਾ ਰਿਹਾ ਹੈ। ਹਾਈ ਕੋਰਟ ਨੇ ਨਰਾਜ਼ਗੀ ਪ੍ਰਗਟਾਉਂਦੇ ਹੋਏ ਕਿਹਾ ਕਿਮੈਨੁਅਲ ਦੀ ਜਗ੍ਹਾ ਆਟੋਮੈਟਿਕ ਸਵਿਚ ਓਵਰ ਕਰਨ ਦੀ ਤਕਨੀਕ ਦਾ ਇਸਤੇਮਾਲ ਕਿਉਂ ਨਹੀਂ ਕੀਤਾ ਜਾ ਰਿਹਾ ਹੈ। ਪੰਜਾਬ ਦੇ ਮੁੱਖ ਸਕੱਤਰ ਤੋਂ ਜਵਾਬ ਮੰਗਿਆ ਗਿਆ ਹੈ ਕਿ ਕਿਉਂ ਨਹੀਂ ਇਸ ਤਕਨੀਕ ਦੀ ਕੀਤੀ ਜਾ ਰਹੀ ਵਰਤੋਂ। 25 ਫਰਵਰੀ ਨੂੰ ਮਾਮਲੇ ਦੀ

# ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਅਸਤੀਫਾ ਦੇਣ ਤੋਂ ਸਪੱਸ਼ਟ ਹੋ ਗਿਆ ਕਿ ਸਿਧਾਂਤਕ ਅਗੂਆਂ ਨੂੰ ਪਾਰਟੀ ਵਿਚ ਕੀਤਾ ਜਾ ਰਿਹਾ ਦਰਕਿਨਾਰੇ: ਪ੍ਰੋ. ਚੰਦੂਮਾਜਰਾ

ਪਟਿਆਲਾ,(ਲੋਕ ਬਾਣੀ):ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੇ ਆਗੂ ਅਤੇ ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵਰਗੇ ਆਗੂਆਂ ਨੂੰ ਅਸਤੀਫਾ ਦੇਣ ਲਈ ਮਜਬੂਰ ਹੋਣਾ ਇਸ ਗੱਲ ਦਾ ਸੰਕੇਤ ਹੈ ਕਿ ਪਾਰਟੀ ਵਿਚ ਜਿਹੜੇ ਵੀ ਸਿਧਾਂਤਕ ਆਗੂ ਹਨ ਉਹਨਾਂ ਨੂੰ ਕਿਵੇਂ ਤੰਗ ਪਰੇਸ਼ਾਨ ਕੀਤਾ ਜਾ ਰਿਹਾ ਅਤੇ ਇਹ ਵੀ ਸਾਫ ਕਰ ਦਿੱਤਾ ਹੈ ਕਿ ਜਿਹੜਾ ਵੀ ਆਗੂ ਪਾਰਟੀ ਵਿਚ ਪੰਥ ਵਿਰੋਧੀ ਫੈਸਲੇ ਲੈਣ ਤੋਂ ਰੋਕਦਾ ਹੈ, ਉਸ ਨੂੰ ਦਰਕਿਨਾਰੇ ਕਰ ਦਿੱਤਾ ਜਾਂਦਾ ਹੈ। ਜਥੇਦਾਰ ਸਾਹਿਬਾਨ ਤੋਂ ਲੈ ਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਿਸ ਨੇ ਵੀ ਪੰਥਕ ਸਿਧਾਂਤ ਲਈ ਪੰਥਕ ਸੰਸਥਾਵਾਂ ਦੀ ਪਹਿਰੇਦਾਰੀ ਦੇ ਹੱਕ ਵਿਚ ਅਵਾਜ਼ ਉਸ ਨੂੰ ਦਰ ਕਿਨਾਰੇ ਕਰ ਦਿੱਤਾ ਗਿਆ ਹੈ। ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜਿਹੜੀ ਪੰਥ ਦੀ ਮਰਿਆਦਾ ਸਿਧਾਂਤ ਤੇ ਪਰੰਪਰਾਵਾਂ ਤੇ ਮਾਨਤਾਵਾਂ ਦੀ ਪਹਿਰੇਦਾਰੀ ਕਰਦੀ ਹੈ। ਇਥੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਯਤਨ ਕੀਤਾ ਕਿ ਉਹ ਪੰਥਕ ਸਿਧਾਂਤਾ 'ਤੇ ਪਹਿਰਾ ਦੇਣ ਪਰ ਪਾਰਟੀ ਦੇ ਕੁਝ ਲੋਕਾਂ ਨੇ ਉਨ੍ਹਾਂ ਨੂੰ ਤੰਗ ਪਰੇਸ਼ਾਨ ਕੀਤਾ ਅਤੇ ਆਖਰ ਵਿਚ ਮਜਬੂਰ ਹੋ ਕੇ ਉਨ੍ਹਾਂ ਨੂੰ ਵੀ ਅਸਤੀਫਾ ਦੇਣਾ ਪਿਆ। ਇਸ ਦਾ ਅਰਥ ਹੈ ਕਿ ਉਨ੍ਹਾਂ ਨੂੰ ਸਿਧਾਂਤਹੀਣ ਕੰਮ ਲਈ ਅਤੇ ਸਿਧਾਂਤਹੀਣ ਗੱਲਾਂ ਤੇ ਮਰਿਆਦਾ ਤੋਂ ਉਲਟ ਗੱਲਾਂ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਸੀ। ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਅਜਿਹੇ ਵਿਚ ਪੰਥ ਨੂੰ, ਪੰਜਾਬ ਨੂੰ, ਪੰਥ ਹਿਤੈਸ਼ੀਆਂ ਨੂੰ ਜਾਗਣ ਦੀ, ਸੁਚੇਤ ਹੋਣ ਦੀ ਅਤੇ ਲਾਮਬੰਦ ਹੋਣ ਦੀ ਲੋੜ ਹੈ ਤਾਂ ਕਿ ਇੱਕ ਜੁਟ ਹੋ ਕੇ ਗਿਆਨੀ ਹਰਪ੍ਰੀਤ ਸਿੰਘ ਹੋਰਾਂ ਨੇ ਜਿਹੜਾ ਘੱਟੋ ਘੱਟ ਪ੍ਰੋਗਰਾਮ ਤੇ ਕੌਮ ਦੇ ਰਹਿਬਰਾਂ, ਕੌਮ ਦੇ ਆਗੂਆਂ, ਕੌਮ ਦੀ ਅਗਵਾਈ ਕਰਨ ਵਾਲੀਆਂ ਸੰਸਥਾਵਾਂ ਦੇ ਮੁਖੀਆਂ ਨੂੰ ਇੱਕ ਅਪੀਲ ਕੀਤੀ ਸੀ ਕਿ ਰਾਜਸੀ ਏਜੰਡੇ ਅਲੱਗ-ਅਲੱਗ ਰੱਖ ਕੇ ਘੱਟੋ ਘੱਟ ਪ੍ਰੋਗਰਾਮ ਤੇ ਧਾਰਮਿਕ ਪਰੰਪਰਾਵਾਂ, ਮਰਿਆਦਾ ਤੇ ਮਾਨਤਾਵਾਂ ਦੇ ਅਧਾਰ 'ਤੇ ਇਕੱਠਾ ਹੋਣਾ ਚਾਹੀਦਾ ਹੈ ਬਾਰੇ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ। ਉਨ੍ਹਾਂ ਐਡਵੋਕੇਟੇ ਹਰਜਿੰਦਰ ਸਿੰਘ ਧਾਮੀ ਨੂੰ ਵੀ ਅਪੀਲ ਕੀਤੀ ਕਿ ਉਹ ਆਪਣਾ ਅਸਤੀਫਾ ਵਾਪਸ ਲੈਣ ਅਤੇ ਅਸਤੀਫਾ ਦੇਣ ਦੀ ਥਾਂ 'ਤੇ ਸਿਧਾਂਤਹੀਣ ਲੋਕਾਂ ਨਾਲ ਜੰਗ ਲੜਨ, ਤਾਂ ਕਿ ਸਿਧਾਂਤਹੀਣ ਲੋਕਾਂ ਨੂੰ ਲਾਂਭੇ ਕੀਤਾ ਜਾ ਸਕੇ ਅਤੇ ਉਨ੍ਹਾਂ ਨੂੰ ਹੋਰ ਮਨਮਰਜੀਆਂ ਕਰਨ ਤੋਂ ਰੋਕਿਆ ਜਾ ਸਕੇ।



ਪ੍ਰੋ. ਚੰਦੂਮਾਜਰਾ ਨੇ ਕਿਹਾਕਿ ਜਿਸ ਤਰ੍ਹਾਂ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਿਹੜੇ ਹਲਾਤਾਂ ਵਿਚ ਅਸਤੀਫਾ ਦਿੱਤਾ ਉਸ ਤੋਂ ਸਾਫ ਹੋ ਗਿਆ ਹੈ ਕਿ ਪਾਰਟੀ ਵਿਚ ਸਿਧਾਂਤਕ ਆਗੂਆਂ ਨੂੰ ਕਿਸ ਤਰ੍ਹਾਂ ਤੰਗ ਪਰੇਸ਼ਾਨ ਕੀਤਾ ਜਾ ਰਿਹਾ ਹੈ। ਜਿਸ ਤੋਂ ਲਗਦਾ ਹੈ ਕਿ ਜਿਹੜੀ ਸੱਤ ਮੈਂਬਰੀ ਕਮੇਟੀ ਭਰਤੀ ਲਈ ਬਣਾਈ ਗਈ ਸੀ ਉਹ ਵੀ ਖਾਰਜ ਹੋ ਜਾਵੇਗੀ।

ਉਹ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਅਪੀਲ ਕੀਤੀ ਕਿ ਉਨ੍ਹਾਂ ਨੂੰ ਅਸਤੀਫਾ ਵਾਪਸ ਲੈਣਾ ਚਾਹੀਦਾ ਹੈ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਹਿਬ ਜੀ ਦੇ ਆਦੇਸ਼ਾਂ 'ਤੇ ਬਣਾਈ ਸੱਤ ਮੈਂਬਰੀ ਕਮੇਟੀ ਦੇ ਮੈਂਬਰਾਂ ਨਾਲ ਮਿਲ ਕੇ ਭਰਤੀ ਕਰਨੀ ਚਾਹੀਦੀ ਹੈ। ਇਸ ਦੇ ਲਈ 18 ਫਰਵਰੀ ਨੂੰ ਹੋਣ ਵਾਲੀ ਮੀਟਿੰਗ ਵਿਚ ਸਾਰੇ ਮੈਂਬਰਾਂ ਨੂੰ ਪਹੁੰਚ ਕੇ ਭਰਤੀ ਸ਼ੁਰੂ ਕਰਨ ਦਾ ਐਲਾਨ ਕਰਨਾ ਚਾਹੀਦਾ ਹੈ। ਤਾਂ ਕਿ ਖਾਲਸਾ ਪੰਥ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਅਕਾਲੀ ਦਲ ਦੀ ਮੁੜ ਸੁਰਜੀਤੀ ਲਈ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਦਿੱਤੇ ਆਦੇਸ਼ ਮੁਤਾਬਕ ਖਿੰਡੀ ਹੋਈ ਪੰਥਕ ਸ਼ਕਤੀ ਇੱਕ ਕੀਤਾ ਜਾ ਸਕੇ। ਇਸ ਮੌਕੇ ਸਾਬਕਾ ਵਿਧਾਇਕ ਹਰਿਦਰਪਾਲ ਸਿੰਘ ਚੰਦੂਮਾਜਰਾ, ਸਾਬਕਾ ਚੇਅਰਮੈਨ ਰਣਧੀਰ ਸਿੰਘ ਰੱਖੜਾ, ਸ਼੍ਰੋਮਣੀ ਕਮੇਟੀ ਮੈਂਬਰ ਜਰਨੈਲ ਸਿੰਘ ਕਰਤਾਰਪੁਰ, ਭੁਪਿੰਦਰ ਸਿੰਘ ਸ਼ੇਖੂਪੁਰ, ਸਤਗੁਰੂ ਸਿੰਘ ਪ੍ਰਧਾਨ ਖਨੌਰੀ, ਸਿਆਸੀ ਸਲਾਹਕਾਰ ਜਗਜੀਤ ਸਿੰਘ ਕੋਹਲੀ, ਕੈਪਟਨ ਖੁਸ਼ਵੰਤ ਸਿੰਘ, ਜਸਵਿੰਦਰ ਸਿੰਘ ਚੱਢਾ, ਕੁਲਵਿੰਦਰ ਸਿੰਘ ਭੁਨਰਹੇੜੀ ਆਦਿ ਵਿਸ਼ੇਸ ਤੌਰ 'ਤੇ ਹਾਜ਼ਰ।

# ਫ਼ਰੀਦਕੋਟ ਚ ਵਾਪਰੇ ਬਸ ਹਾਦਸੇ ਵਿੱਚ 5 ਲੋਕਾਂ ਦੀ ਹੋਈ ਮੌਤ, ਕਈ ਜ਼ਖ਼ਮੀ



ਫਰੀਦਕੋਟ- (ਲੋਕ ਬਾਣੀ) ਪੰਜਾਬ ਦੇ ਫਰੀਦਕੋਟ ਵਿੱਚ ਇੱਕ ਨਿੱਜੀ ਬੱਸ ਇੱਕ ਟਰੱਕ ਨਾਲ ਟਕਰਾਉਣ ਤੋਂ ਬਾਅਦ ਰੇਲਿੰਗ ਤੋੜ ਕੇ ਨਾਲੇ ਵਿੱਚ ਡਿੱਗ ਗਈ। ਇਸ ਹਾਦਸੇ ਚ 5 ਲੋਕਾਂ ਦੀ ਮੌਤ ਹੋ ਗਈ, ਜਦਕਿ ਕਈ ਲੋਕ ਜ਼ਖਮੀ ਹੋ ਗਏ। ਜ਼ਖਮੀਆਂ ਨੂੰ ਇਲਾਜ ਲਈ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫਰੀਦਕੋਟ ਵਿਖੇ ਦਾਖਲ ਕਰਵਾਇਆ ਗਿਆ ਹੈ। ਇਹ ਘਟਨਾ ਮੰਗਲਵਾਰ ਸਵੇਰੇ ਕੋਟਕਪੂਰਾ ਰੋਡ ਤੇ ਵਾਪਰੀ। ਨਿਊ ਦੀਪ ਕੰਪਨੀ ਦੀ ਇਹ ਬੱਸ ਕੋਟਕਪੂਰਾ ਤੋਂ ਫ਼ਰੀਦਕੋਟ ਆ ਰਹੀ ਸੀ। ਹਾਦਸੇ ਦੀ ਸੂਚਨਾ ਮਿਲਦੇ ਹੀ ਡੀਸੀ ਵਿਨੀਤ ਕੁਮਾਰ ਅਤੇ ਪੁਲਿਸ ਅਧਿਕਾਰੀ ਮੌਕੇ 'ਤੇ ਪੁੱਜੇ। ਇਸ ਤੋਂ ਬਾਅਦ ਬਚਾਅ ਕਾਰਜ ਸ਼ੁਰੂ ਕੀਤਾ ਗਿਆ।

# ਵਿਜੀਲੈਂਸ ਬਿਊਰੋ ਦੇ ਨਵੇਂ ਮੁਖੀ ਨਾਗੇਸ਼ਵਰ ਰਾਓ ਨੇ ਅਹੁਦਾ ਸੰਭਾਲਿਆ - ਭ੍ਰਿਸ਼ਟਾਚਾਰ ਪ੍ਰਤੀ ਕੋਈ ਲਿਹਾਜ਼ ਨਾ ਵਰਤਣ ਦਾ ਸੰਕਲਪ

ਚੰਡੀਗੜ੍ਹ, (ਲੋਕ ਬਾਣੀ):ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਜੀ. ਨਾਗੇਸ਼ਵਰ ਰਾਓ, ਆਈ.ਪੀ.ਐਸ., ਨੇ ਅੱਜ ਐਸ.ਏ.ਐਸ. ਨਗਰ ਦੇ ਵਿਜੀਲੈਂਸ ਬਿਊਰੋ ਭਵਨ ਵਿਖੇ ਪੰਜਾਬ ਵਿਜੀਲੈਂਸ ਬਿਊਰੋ ਦੇ ਮੁੱਖ ਡਾਇਰੈਕਟਰ ਵਜੋਂ ਅਹੁਦਾ ਸੰਭਾਲ ਲਿਆ ਹੈ।

ਇਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਭ੍ਰਿਸ਼ਟਾਚਾਰ ਮੁਕਤ ਪੰਜਾਬ ਪ੍ਰਤੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਰਾਓ ਨੇ ਸਪੱਸ਼ਟ ਕਿਹਾ ਕਿ ਸੂਬਾ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਪ੍ਰਤੀ ਕੋਈ ਲਿਹਾਜ਼ ਨਾ ਵਰਤਣ ਦੀ ਅਪਣਾਈ ਗਈ ਨੀਤੀ ਨੂੰ ਸਰਕਾਰ ਦੇ ਸਾਰੇ ਵਿਭਾਗਾਂ ਵਿੱਚੋਂ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਲਈ ਸਖ਼ਤੀ ਨਾਲ ਲਾਗੂ ਕੀਤਾ ਜਾਵੇਗਾ।

ਬਿਊਰੋ ਦੇ ਪ੍ਰਸ਼ਾਸਨ ਵਿੱਚ ਕੁਸ਼ਲਤਾ ਅਤੇ ਸ਼ਾਸਨ ਵਿੱਚ ਪਾਰਦਰਸ਼ਤਾ ਵਧਾਉਣ ਦੀ ਲੋੜ ਨੂੰ ਉਜਾਗਰ ਕਰਦਿਆਂ ਨਵ-ਨਿਯੁਕਤ ਵਿਜੀਲੈਂਸ ਬਿਊਰੋ ਮੁਖੀ ਨੇ ਕਿਹਾ ਕਿ ਹਰ ਤਰ੍ਹਾਂ ਦੇ ਭ੍ਰਿਸ਼ਟਾਚਾਰ ਮੁਕੱਦਮਿਆਂ ਅਤੇ ਵਿਜੀਲੈਂਸ ਪੜਤਾਲਾਂ ਨੂੰ ਸਰਅੰਜਾਮ ਦੇਣ ਲਈ ਦੀ ਪੇਸ਼ੇਵਰ ਤਰੀਕੇ ਨਾਲ ਤੇਜ਼ੀ ਅਤੇ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਰਿਸ਼ਵਤਖ਼ੋਰ ਮੁਲਜ਼ਮਾਂ ਲਈ ਸਖ਼ਤ ਸਜ਼ਾਵਾਂ ਨੂੰ ਯਕੀਨੀ ਬਣਾਉਣ ਲਈ ਅਦਾਲਤਾਂ ਵਿੱਚ ਚਲਦੇ ਸਾਰੇ ਕੇਸਾਂ ਦੀ ਸਬੂਤਾਂ ਸਮੇਤ ਸਖ਼ਤੀ ਨਾਲ ਪੈਰਵੀ ਕੀਤੀ ਜਾਵੇਗੀ। ਉਨ੍ਹਾਂ ਜਿਲ੍ਹਾ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਪੁੱਟਣ ਦੇ ਆਪਣੇ ਮਿਸ਼ਨ ਵਿੱਚ ਚੌਕਸ ਰਹਿਣ, ਵਧੇਰੇ ਸਰਗਰਮ ਹੋਣ ਅਤੇ ਭ੍ਰਿਸ਼ਟਾਚਾਰ ਮਾਮਲੇ ਉੱਪਰ ਕੋਈ ਸਮਝੌਤਾ ਨਾ ਕਰਨ ਲਈ ਵੀ ਪ੍ਰੇਰਿਤ ਕੀਤਾ।

ਸਖ਼ਤ ਚੇਤਾਵਨੀ ਜਾਰੀ ਕਰਦਿਆਂ ਰਾਓ ਨੇ ਕਿਹਾ ਕਿ ਵਿਜੀਲੈਂਸ ਬਿਊਰੋ ਦੇ ਕਿਸੇ ਵੀ ਅਧਿਕਾਰੀ ਜਾਂ ਮੁਲਾਜ਼ਮ ਨੂੰ ਕਿਸੇ ਵੀ ਭ੍ਰਿਸ਼ਟ ਕਾਰਜ ਵਿੱਚ ਸ਼ਾਮਲ ਪਾਏ ਜਾਣ ਤੇ ਬਿਲਕੁਲ ਬਖਸ਼ਿਆ ਨਹੀਂ ਜਾਵੇਗਾ। ਭ੍ਰਿਸ਼ਟਾਚਾਰ ਦੇ ਖਾਤਮੇ ਲਈ ਆਮ ਲੋਕਾਂ ਦੀ ਸ਼ਮੂਲੀਅਤ ਦੀ ਮਹੱਤਵਪੂਰਨ ਭੂਮਿਕਾ ਤੇ ਜ਼ੋਰ ਦਿੰਦਿਆਂ ਉਨ੍ਹਾਂ ਨੇ ਲੋਕਾਂ ਨੂੰ ਇੱਕ ਪਾਰਦਰਸ਼ੀ ਅਤੇ ਵਧੇਰੇ ਜਵਾਬਦੇਹ ਪ੍ਰਣਾਲੀ ਵਿੱਚ ਬਿਹਤਰ ਢੰਗ ਨਾਲ ਯੋਗਦਾਨ ਪਾਉਣ ਲਈ ਭ੍ਰਿਸ਼ਟਾਚਾਰ ਬਾਰੇ ਜਾਗਰੂਕ ਹੋਣ ਅਤੇ ਇਸ ਬਾਰੇ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਨੰਬਰ ਉੱਤੇ ਜਾਂ ਈਮੇਲ ਰਾਹੀ ਰਿਪੋਰਟ ਕਰਨ ਵਿੱਚ ਸਰਗਰਮੀ ਨਾਲ ਸਹਿਯੋਗ ਕਰਨ ਦੀ ਅਪੀਲ ਕੀਤੀ।

ਵਿਜੀਲੈਂਸ ਗਤੀਵਿਧੀਆਂ ਦੀ ਮੌਜੂਦਾ ਸਥਿਤੀ ਦਾ ਮੁਲਾਂਕਣ ਕਰਨ ਲਈ ਰਾਓ ਨੇ 19 ਫ਼ਰਵਰੀ ਨੂੰ ਐਸ.ਏ.ਐਸ. ਨਗਰ ਵਿਖੇ ਬਿਊਰੋ ਦੇ ਮੁੱਖ ਦਫਤਰ ਵਿਖੇ ਵਿਜੀਲੈਂਸ ਬਿਊਰੋ ਦੇ ਸਾਰੇ ਐਸ.ਐਸ.ਪੀਜ਼. ਦੀ ਇੱਕ ਮੀਟਿੰਗ ਬੁਲਾ ਲਈ ਹੈ ਤਾਂ ਜੋ ਸਾਰੇ ਲੰਬਿਤ ਕੇਸਾਂ ਅਤੇ ਵਿਜੀਲੈਂਸ ਪੜਤਾਲਾਂ ਦੀ ਸਮੀਖਿਆ ਕੀਤੀ ਜਾ ਸਕੇ।




# ਡੇਰਾ ਬਾਬਾ ਨਾਨਕ ਵਿੱਚ ਪੁਲਿਸ ਮੁਲਾਜ਼ਮ ਦੇ ਘਰ ਵਿੱਚ ਧਮਾਕਾ



(ਲੋਕ ਬਾਣੀ) ਗੁਰਦਾਸਪੁਰ ਜ਼ਿਲ੍ਹੇ ਦੇ ਡੇਰਾ ਬਾਬਾ ਨਾਨਕ ਵਿਖੇ ਸੋਮਵਾਰ ਦੇਰ ਰਾਤ ਧਮਾਕਾ ਹੋਇਆ। ਘਰ ਦੇ ਮਾਲਕ ਨੇ ਜਾਣਕਾਰੀ ਦਿੱਤੀ ਕਿ ਉਸ ਦਾ ਭਤੀਜਾ ਰਮਦਾਸ ਥਾਣੇ ਦੇ ਵਿੱਚ ਪੁਲਿਸ ਮੁਲਾਜ਼ਮ ਹੈ। ਉਸ ਦੀ ਲਾਗ ਡਾਟ ਕਰਕੇ ਧਮਾਕਾ ਹੋਇਆ ਹੈ। ਧਮਾਕਾ ਇਨਾ ਜ਼ਬਰਦਸਤ ਕਈ ਕਿਲੋਮੀਟਰ ਤੱਕ ਆਵਾਜ਼ ਸੁਣਾਈ ਦਿੱਤੀ ਗਈ।

ਘਰ ਦੇ ਸੀਸੀਟੀਵੀ ਕੈਮਰੇ ਇੱਥੋਂ ਤੱਕ ਕਿ ਘਰ ਦੇ ਅੰਦਰ ਜਿੰਨੇ ਵੀ ਸ਼ੀਸ਼ੇ ਸੀ ਉਹ ਟੁੱਟ ਗਏ। ਗਨੀਮਤ ਰਹੀ ਕਿ ਜਾਨੀ ਨੁਕਸਾਨ ਕੋਈ ਨਹੀਂ ਹੋਇਆ। ਮੌਕੇ ਤੇ ਪਹੁੰਚੀ ਪੁਲਿਸ ਪੁਲਿਸ ਨੇ ਜਾਂਚ ਸ਼ੁਰੂ ਕਰ ਦਿੱਤੀ ਸੀ।

# ਓ-ਏਸਿਸ ਪਬਲਿਕ ਸਕੂਲ ਦਾ ਸਾਲਾਨਾ ਸਮਾਗਮ ਅਮਿਟ ਛਾਪ ਛੱਡ ਗਿਆ



ਮਾਲੇਰਕੋਟਲਾ (ਲੋਕ ਬਾਣੀ) :ਓ-ਏਸਿਸ ਪਬਲਿਕ ਸਕੂਲ, ਮਾਲੇਰਕੋਟਲਾ ਦੀ ਸਥਾਪਨਾ ਦੇ 15 ਸਾਲ ਪੂਰੇ ਹੋਣ ਦੀ ਖ਼ੁਸ਼ੀ ਵਿੱਚ ਸਕੂਲ ਵਲੋਂ ਸਾਲਾਨਾ ਇਨਾਮ ਵੰਡ ਸਮਾਰੋਹ ਦੋ ਪੜਾਅ ਵਿੱਚ ਧੂਮਧਾਮ ਨਾਲ ਕਰਵਾਇਆ ਗਿਆ।ਪਹਿਲੇ ਦਿਨ ਛੋਟੀਆਂ ਜਮਾਤਾਂ ਦੇ ਵਿਦਿਆਰਥੀਆਂ ਵੱਲੋਂ ਰੰਗਾ-ਰੰਗ ਆਇਟਮਾਂ ਪੇਸ਼ ਕੀਤੀਆਂ ਗਈਆਂ ਅਤੇ ਦੂਜੇ ਦਿਨ ਸੀਨੀਅਰ ਜਮਾਤਾਂ ਦੇ ਵਿਦਿਆਰਥੀਆਂ ਦੁਆਰਾ ਆਪਣੇ ਹੁਨਰ ਦਾ ਮਜ਼ਾਹਿਰਾ ਕੀਤਾ ਗਿਆ।ਸਕੂਲ ਦੇ ਇਸ ਖਾਸ ਮੌਕੇ ਤੇ ਸ਼੍ਰੀ ਰਤਨ ਸਿੰਘ ਬਰਾੜ ਰਿਟਾਇਰਡ ਏ.ਆਈ.ਜੀ ,ਕਰਨਲ ਸ਼੍ਰੀ ਗੁਰਿੰਦਰ ਸਿੰਘ (ਰਿਟਾਇਰਡ),ਡਾਕਟਰ ਸ਼ਜੀਲਾ ਖਾਨ ਸਹਾਇਕ ਸਿਵਿਲ ਸਰਜਨ, ਪ੍ਰਿੰਸੀਪਲ ਜ਼ੋਹਰਾ ਸੱਤਾਰ ਨੇ ਗੈਸਟ ਆਫ਼ ਆਨਰ ਵਜੋਂ ਸ਼ਿਰਕਤ ਕੀਤੀ ।ਇਸ ਮੌਕੇ ਸਕੂਲ ਦੀ ਮੈਨੇਜਮੈਂਟ ਦੇ ਮੈਂਬਰ ,ਮਾਪੇ ਅਤੇ ਸ਼ਹਿਰ ਦੇ ਪਤਵੰਤੇ ਸੱਜਣ ਬੱਚਿਆ ਦਾ ਹੌਸਲਾ ਵਧਾਉਣ ਲਈ ਮੌਜੂਦ ਰਹੇ। ਬੱਚਿਆਂ ਵੱਲੋਂ ਸਮਾਜਿਕ ਬੁਰਾਈਆਂ ਉੱਪਰ ਤੇ ਨੈਤਿਕ ਕਦਰਾਂ-ਕੀਮਤਾਂ ਉੱਪਰ ਆਧਾਰਿਤ ਬਹੁਤ ਹੀ ਵਧੀਆ ਆਇਟਮਾਂ ਪੇਸ਼ ਕੀਤੀਆਂ ਗਈਆਂ, ਜਿਨ੍ਹਾਂ ਨੂੰ ਆਏ ਹੋਏ ਮਹਿਮਾਨਾਂ ਅਤੇ ਮਾਪਿਆਂ ਵਲੋਂ ਬਹੁਤ ਪਸੰਦ ਕੀਤਾ ਗਿਆ। ਪੜ੍ਹਾਈ ਦੇ ਨਾਲ ਨਾਲ ਜ਼ਿਲ੍ਹਾ ਅਤੇ ਰਾਜ ਪੱਧਰੀ ਖੇਡਾਂ ਵਿੱਚ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਟਰਾਫੀਆਂ ਨਾਲ ਨਿਵਾਜਿਆ ਗਿਆ। ਸਕੂਲ ਦੇ ਡਾਇਰੈਕਟਰ ਡਾ. ਰਿਹਾਨਾ ਸਲੀਮ ਨੇ ਆਪਣੇ ਭਾਸ਼ਣ ਰਾਹੀ ਆਏ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਸ਼ਹਿਰ ਅਤੇ ਬੱਚਿਆਂ ਦੇ ਚੰਗੇ ਭਵਿੱਖ ਲਈ ਮਾਵਾਂ ਦੀ ਪੜ੍ਹਾਈ ਦੀ ਮਹਤੱਤਾ ਬਾਰੇ ਜ਼ੋਰ ਦਿੱਤਾ।ਇਸ ਦੇ ਨਾਲ ਹੀ ਉਹਨਾਂ ਨੇ ਮਾਪਿਆਂ ਦਾ ਸਮੇਂ ਸਿਰ ਪ੍ਰੋਗਰਾਮ ਵਿੱਚ ਪਹੁੰਚਣ ਤੇ ਅਤੇ,ਸਕੂਲ ਦਾ ਹੌਸਲਾ ਵਧਾਉਣ ਲਈ ਵੀ ਧੰਨਵਾਦ ਕੀਤਾ।ਪ੍ਰਿੰਸੀਪਲ ਸ਼੍ਰੀਮਤੀ ਰਿਫਤ ਵਹਾਬ ਨੇ ਆਪਣੇ ਭਾਸ਼ਣ ਰਾਹੀਂ ਵਿਦਿਆਰਥੀਆਂ ਅਤੇ ਸਕੂਲ ਦੀਆਂ ਪ੍ਰਾਪਤੀਆਂ ਬਾਰੇ ਸਕੂਲ ਰਿਪੋਰਟ ਪੇਸ਼ ਕੀਤੀ । ਮਾਪਿਆਂ ਵਲੋਂ ਸਕੂਲ ਵਿੱਚ ਦਿਖਾਏ ਵਿਸ਼ਵਾਸ ਅਤੇ ਹਮੇਸ਼ਾ ਸਕੂਲ ਨਾਲ ਖੜਣ ਲਈ ਉਹਨਾਂ ਦਾ ਧੰਨਵਾਦ ਕੀਤਾ।ਉਹਨਾਂ ਨੇ ਸਕੂਲ ਦੇ ਮਿਹਨਤੀ ਸਟਾਫ ਦੀ ਵੀ ਸ਼ਲਾਘਾ ਕੀਤੀ। ਪ੍ਰੋਗਰਾਮ ਦੇ ਗੈਸਟ ਆਫ ਆਨਰ ਸ਼੍ਰੀ ਰਤਨ ਸਿੰਘ ਬਰਾੜ ਨੇ ਬੱਚਿਆਂ ਰਾਹੀਂ ਪੇਸ਼ ਕੀਤੀਆਂ ਗਈਆਂ ਆਇਟਮਾਂ ਦੀ ਬਹੁਤ ਸ਼ਲਾਘਾ ਕੀਤੀ ਗਈ ਸਕੂਲ ਦੇ ਚੇਅਰਮੈਨ ਐਡਵੋਕੇਟ ਮੁੰਹਮਦ ਸਲੀਮ ਨੇ ਸਾਡੇ ਪ੍ਰਤੀਨਿਧੀ ਨਾਲ ਗੱਲਬਾਤ ਕਰਦੇ ਦੱਸਿਆ ਕਿ ਬੱਚਿਆ ਦੇ ਸਰਵ ਪੱਖੀ ਵਿਕਾਸ ਲਈ ਇਸ ਤਰਾਂ ਦੇ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾਣਾ ਬਹੁਤ ਜ਼ਰੂਰੀ ਹੈ ⇩ ਉਹਨਾਂ ਕਿਹਾ ਕਿ ਭਵਿੱਖ ਵਿੱਚ ਵੀ ਸਕੂਲ ਇਸ ਤਰਾਂ ਦੇ ਪ੍ਰੋਗਰਾਮਾਂ ਦਾ ਆਯੋਜਨ ਕਰਕੇ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕਰਦਾ ਰਹੇਗਾ ⇩ ਇਸ ਖਾਸ ਮੌਕੇ ਤੇ ਬੈਸਟ ਹਾਊਸ ਐਵਾਰਡ ਦ ਨਾਇਲ ਹਾਊਸ ਦੀ ,13 ਬੱਚਿਆ ਨੂੰ ਸਪੈਸ਼ਲ ਕੈਟਾਗਰੀ ਐਵਾਰਡ ਅਤੇ ਇਸ ਸਾਲ ਦਾ ਸਟੂਡੈਂਟ ਆਫ ਦ ਈਅਰ ਐਵਾਰਡ 10ਵੀਂ ਜਮਾਤ ਦੇ ਮੁੰਹਮਦ ਨਾਵੇਦ ਨੂੰ ਦਿੱਤਾ ਗਿਆ । ਇਸ ਮੌਕੇ ਤੇ ਸ਼੍ਰੀ ਅਸ਼ਵਨੀ ਸ਼ਰਮਾ (ਪੰਜਾਬ ਐਂਡ ਹਰਿਆਣਾ ਹਾਈਕੋਰਟ ) ਅਤੇ ਉਹਨਾਂ ਦੀ ਧਰਮ ਪਤਨੀ, ਸ਼੍ਰੀ ਗੁਰੂ ਅੰਗਦ ਦੇਵ ਪਬਲਿਕ ਸਕੂਲ ਲਾਂਗੜੀਆਂ ਦੇ ਚੇਅਰਮੈਨ ਸ਼੍ਰੀ ਜਗਤਾਰ ਸਿੰਘ, ਸਕੂਲ ਦੇ ਡਾਇਰੈਕਟਰ ਸ਼੍ਰੀਮਤੀ ਭਗਵੰਤ ਕੌਰ ਨੇ ਅਪਣੀ ਮੌਜੂਦਗੀ ਨਾਲ ਪ੍ਰੋਗਰਾਮ ਨੂੰ ਚਾਰ ਚੰਨ ਲਗਾਏ ।

# ਹਾਈ ਕੋਰਟ ਨੇ ਗ਼ੈਰ-ਕਾਨੂੰਨੀ ਇਮੀਗ੍ਰੇਸ਼ਨ ਰੋਕਣ ਦੇ ਦਿੱਤੇ ਹੁਕਮ; ਫਰਜ਼ੀ ਟਰੈਵਲ ਏਜੰਟਾਂ ਲਈ ਚੈਕ ਪੋਸਟ ਬਣਾਉਣ ਦੀ ਮੰਗ ਉੱਠੀ




(ਲੋਕ ਬਾਣੀ) ਫਰਜ਼ੀ ਟਰੈਵਲ ਅਤੇ ਇਮੀਗ੍ਰੇਸ਼ਨ ਏਜੰਟਾਂ ਉਤੇ ਲਗਾਮ ਕੱਸਣ ਲਈ ਪੰਜਾਬ ਦੇ ਹਰੇਕ ਜ਼ਿਲ੍ਹੇ ਵਿੱਚ ਚੈਕ ਪੋਸਟ ਬਣਾਏ ਜਾਣ ਦੀ ਮੰਗ ਨਾਲ ਜਿਥੋਂ ਲੋਕ ਪਤਾ ਕਰ ਸਕਣ ਕਿ ਉਨ੍ਹਾਂ ਦੇ ਇਲਾਕੇ ਦਾ ਕਿਹੜਾ ਟਰੈਵਲ ਅਤੇ ਇਮੀਗ੍ਰੇਸ਼ਨ ਏਜੰਟ ਸਹੀ ਤਰੀਕੇ ਨਾਲ ਕੰਮ ਕਰ ਰਿਹਾ ਹੈ। ਐਡਵੋਕੇਟ ਕੰਵਰ ਪਹੁਲ ਸਿੰਘ ਨੇ ਜਨਹਿਤ ਪਟੀਸ਼ਨ ਦਾਖਲ ਕੀਤੀ ਹੈ। ਉਨ੍ਹਾਂ ਨੇ ਕਿਹਾ ਕਿ ਇਮੀਗ੍ਰੇਸ਼ਨ ਅਤੇ ਟਰੈਵਲ ਏਜੰਟ ਭੋਲੇ-ਭਾਲੇ ਲੋਕਾਂ ਨੂੰ ਵਿਦੇਸ਼ ਭੇਜਣ ਦੇ ਨਾਮ ਉਤੇ ਗੁਮਰਾਹ ਕਰਕੇ ਲੱਖਾਂ ਰੁਪਏ ਲਗਾ ਚੂਨਾ ਲਗਾਇਆ ਜਾ ਰਿਹਾ। ਇਨ੍ਹਾਂ ਦੀ ਜਾਂਚ ਕਰਵਾਈ ਜਾਣੀ ਜ਼ਰੂਰੀ ਹੈ। ਹਾਈ ਕੋਰਟ ਨੇ ਕੇਂਦਰ ਸਮੇਤ ਪੰਜਾਬ ਸਰਕਾਰ ਨੂੰ ਇੱਕ ਮਹੀਨੇ ਉਤੇ ਕਾਰਵਾਈ ਕਰਨ ਦੇ ਆਦੇਸ਼ ਦਿੰਦੇ ਹੋਏ ਪਟੀਸ਼ਨ ਦਾ ਨਿਪਟਾਰਾ ਕੀਤਾ ਹੈ।

# ਪ੍ਰੋ. ਕਿਰਪਾਲ ਸਿੰਘ ਬੰਡੂਗਰ ਨੇ 7 ਮੈਂਬਰੀ ਕਮੇਟੀ ਤੋਂ ਦਿੱਤਾ ਅਸਤੀਫ਼ਾ



(ਲੋਕ ਬਾਣੀ) ਪ੍ਰੋ. ਕਿਰਪਾਲ ਸਿੰਘ ਬੰਡੂਗਰ ਨੇ 7 ਮੈਂਬਰੀ ਕਮੇਟੀ ਤੋਂ ਅਸਤੀਫ਼ਾ ਦੇ ਦਿੱਤਾ ਹੈ। ਉਨ੍ਹਾਂ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਆਪਣਾ ਅਸਤੀਫ਼ਾ ਭੇਜਿਆ। ਦੱਸ ਦੇਈਏ ਕਿ ਅੱਜ ਪਟਿਆਲਾ ਵਿਖੇ 7 ਮੈਂਬਰੀ ਕਮੇਟੀ ਦੀ ਮੀਟਿੰਗ

# ਭਾਈ ਘਨੱ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ ਵੱਲੋਂ ਸ਼ੁਕਰਾਨਾ ਤੇ ਸਨਮਾਨ ਸਮਾਗਮ ਆਯੋਜਿਤ





ਲੁਧਿਆਣਾ /18 ਫਰਵਰੀ / ( ਸੁਖਚੈਨ ਮਹਿਰਾ )ਮਾਨਵਤਾ ਦੀ ਸੇਵਾ ਦੇ ਮੋਢੀ ਭਾਈ ਘਨ੍ਹਈਆ ਸਿੰਘ ਜੀ ਦੀ ਸੇਵਾ ਪੰਥੀ ਸੋਚ ਨੂੰ ਕੌਮਾਂਤਰੀ ਪੱਧਰ ਤੇ ਉਭਾਰਨਾ ਸਮੇਂ ਦੀ ਮੁੱਖ ਲੋੜ ਹੈ ਤਾਂ ਕਿ ਸੰਸਾਰ ਭਰ ਦੇ ਲੋਕ ਉਨ੍ਹਾਂ ਦੇ ਸੇਵਾ ਸਿਧਾਂਤਾਂ ਤੋਂ ਜਾਣੂ ਹੋ ਸਕਣ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪੰਥ ਪ੍ਰਚਾਰਕ ਮਾਤਾ ਵਿਪਨਪ੍ਰੀਤ ਕੌਰ ਨੇ ਅੱਜ ਭਾਈ ਘਨੱ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ ਵੱਲੋਂ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਸੇਵਾ ਤੇ ਸਿਮਰਨ ਦੇ ਪੁੰਜ ਭਾਈ ਘਨ੍ਹਈਆ ਸਿੰਘ ਜੀ ਦੀ ਯਾਦ ਨੂੰ ਸਮਰਪਿਤ ਆਯੋਜਿਤ ਕੀਤੇ ਗਏ ਸ਼ੁਕਰਾਨਾ ਤੇ ਸਨਮਾਨ ਸਮਾਗਮ ਅੰਦਰ ਇੱਕਤਰ ਹੋਈਆਂ ਪ੍ਰਮੁੱਖ ਸ਼ਖਸ਼ੀਅਤਾਂ ਤੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਕੀਤਾ। ਉਨ੍ਹਾਂ ਨੇ ਕਿਹਾ ਕਿ ਗੁਰੂ ਸਾਹਿਬ ਦੇ ਥਾਪੜੇ ਸਦਕਾ ਜ਼ੰਗ ਦੇ ਮੈਦਾਨ ਅੰਦਰ ਜ਼ਖਮੀ ਵੈਰੀਆਂ ਨੂੰ ਪਾਣੀ ਪਲਾਉਣ ਦੇ ਨਾਲ ਨਾਲ ਆਪਣੇ ਤੇ ਬੇਗਾਨਿਆਂ ਦੀ ਗੁਰੂ ਵੱਲੋਂ ਬਖਸ਼ੀ ਮਲਮ ਪੱਟੀ ਰਾਹੀ ਨਿਸ਼ਕਾਮ ਰੂਪ ਵਿੱਚ ਸੇਵਾ ਕਰਕੇ ਸੇਵਾ ਦੇ ਸੰਕਲਪ ਨੂੰ ਉਭਾਰਨ ਵਾਲੇ ਭਾਈ ਘਨ੍ਹਈਆ ਜੀ ਦੀ ਮਿਸਾਲ ਦੁਨੀਆਂ ਦੇ ਇਤਿਹਾਸ ਅੰਦਰ ਵਿਰਲੀ ਮਿਲਦੀ ਹੈ। ਇਸ ਲਈ ਅੱਜ ਸਮੇਂ ਦੀ ਮੁੱਖ ਲੋੜ ਹੈ ਕਿ ਭਾਈ ਸਾਹਿਬ ਦੀ ਸੇਵਾ ਤੇ ਸਿਮਰਨ ਵਾਲੀ ਸਰਬ ਸਾਂਝੀ ਵਾਲਤਾਂ ਵਾਲੀ ਸੋਚ ਨੂੰ ਆਪਸੀ ਵੈਰ ਵਿਰੋਧਤਾ ਅਤੇ ਦੁਵੈਸ਼ ਤੋ ਉਪਰ ਉਠਕੇ ਸੰਸਾਰ ਪੱਧਰ ਤੇ ਪ੍ਰਚਾਰਨ ਦੀ ਤਾਂ ਹੀ ਅਸੀਂ ਉਨ੍ਹਾਂ ਦੇ ਦਰਸਾਏ ਮਾਰਗ ਤੇ ਚੱਲਣ ਦੇ ਸਮਰਥ ਬਣ ਸਕਾਂਗੇ।ਇਸ ਦੌਰਾਨ ਉਨ੍ਹਾਂ ਨੇ ਭਾਈ ਘਨੱ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਤੇ ਉਨ੍ਹਾਂ ਦੇ ਸਾਥੀਆਂ ਵੱਲੋ ਕੀਤੇ ਜਾ ਰਹੇ ਮਨੁੱਖੀ ਭਲਾਈ ਕਾਰਜਾਂ ਦੀ ਜ਼ੋਰਦਾਰ ਸ਼ਬਦਾਂ ਵਿੱਚ ਸ਼ਲਾਘਾ ਕੀਤੀ। ਸਮਾਗਮ ਦੌਰਾਨ ਭਾਈ ਘੱਨ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ, ਸੀ.ਮੀਤ ਪ੍ਰਧਾਨ ਭਾਈ ਹਰਪਾਲ ਸਿੰਘ ਨਿਮਾਣਾ,ਸਕੱਤਰ ਪਰਵਿੰਦਰ ਸਿੰਘ ਗਿੰਦਰਾ ਅਤੇ ਭਾਈ ਘੱਨ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ ਇਸਤਰੀ ਵਿੰਗ ਪ੍ਰਧਾਨ ਬੀਬੀ ਸਵਿੰਦਰਜੀਤ ਕੌਰ ਖਾਲਸਾ ਨੇ ਸੁਸਾਇਟੀ ਦੇ ਸੇਵਾ ਕਾਰਜਾਂ ਵਿੱਚ ਨਿੱਘਾ ਸਹਿਯੋਗ ਦੇਣ ਵਾਲੀਆਂ ਸਮੂਹ ਸ਼ਖਸ਼ੀਅਤਾਂ ਦਾ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਆਪ ਜੀ ਦੇ ਨਿੱਘੇ ਸਹਿਯੋਗ ਤੇ ਅਸੀਸਾਂ ਸਦਕਾ ਅੱਜ ਭਾਈ ਘਨੱ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ ਆਪਣੇ ਸੇਵਾ ਮਿਸ਼ਨ ਵੱਲ ਨਿਰੰਤਰ ਵੱਧ ਰਹੀ ਹੈ ਅਤੇ ਮਨੁੱਖੀ ਸੇਵਾ ਲਹਿਰ ਚਲਾਉਣ ਵਾਲੇ ਭਾਈ ਘਨ੍ਹਈਆ ਸਿੰਘ ਜੀ ਦੀ ਸੋਚ ਨੂੰ ਘਰ-ਘਰ ਪਹੁੰਚਾਉਣ ਦਾ ਯਤਨ ਵੱਡੇ ਪੱਧਰ ਕਰ ਰਹੀ ਹੈ।ਇਸ ਦੌਰਾਨ ਭਾਈ ਘਨੱ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ ਦੇ ਵੱਲੋ ਆਯੋਜਿਤ ਕੀਤੇ ਗਏ ਸ਼ੁਕਰਾਨਾ ਤੇ ਸਨਮਾਨ ਸਮਾਗਮ ਦੌਰਾਨ ਮਨੁੱਖਤਾ ਦੇ ਸੇਵਾ ਤੇ ਭਲਾਈ ਕਾਰਜਾਂ ਲਈ ਆਪਣੀਆਂ ਯੋਗ ਤੇ ਵਡਮੁੱਲੀਆਂ ਸੇਵਾਵਾਂ ਦੇਣ ਵਾਲੀਆਂ ਪ੍ਰਮੁੱਖ ਸ਼ਖਸੀਅਤਾਂ ਸਰਪੰਚ ਨਿਰਮਲ ਸਿੰਘ ਬੇਰ ਕਲਾਂ ਕੌਮੀ ਜਨਰਲ ਸਕੱਤਰ ਅੰਨਦਾਤਾ ਕਿਸਾਨ ਮਜ਼ਦੂਰ ਯੂਨੀਅਨ, ਜੁਝਾਰ ਸਿੰਘ ਕੌਮੀ ਪ੍ਰਚਾਰ ਸਕੱਤਰ, ਤਜਿੰਦਰ ਪਾਲ ਸਿੰਘ ਬਿੱਟਾ ਕੌਮੀ ਪ੍ਰਚਾਰ ਸਕੱਤਰ, ਹਰਜਿੰਦਰ ਸਿੰਘ ਪਮਾਲ ਸਮੇਤ ਨੂੰ ਜੈਕਾਰਿਆਂ ਦੀ ਗੂੰਜ ਵਿੱਚ ਮਾਤਾ ਵਿਪਨਪ੍ਰੀਤ ਕੌਰ,ਸਿੱਖ ਪ੍ਰਚਾਰਕ ਭਾਈ ਹਰਪ੍ਰੀਤ ਸਿੰਘ ਮਖੂ, ਸਿੱਖ ਨੌਜਵਾਨ ਸੁਸਾਇਟੀ ਦੇ ਪ੍ਰਧਾਨ ਮਨਿੰਦਰ ਸਿੰਘ ਆਹੂਜਾ ਤੇ ਜੱਥੇ.ਤਰਨਜੀਤ ਸਿੰਘ ਨਿਮਾਣਾ ਵੱਲੋ ਸਾਂਝੇ ਤੌਰ ਤੇ ਭਾਈ ਘੱਨ੍ਹਈਆ ਸਿੰਘ ਜੀ ਸੇਵਾ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ।

# ਜਥੇਦਾਰ ਨਿਮਾਣਾ ਨੇ ਤਖਤ ਸ੍ਰੀ ਦਮਦਮਾ ਸਾਹਿਬ ਅਤੇ ਇਤਿਹਾਸਕ ਸਥਾਨਾਂ ਦੇ ਦਰਸ਼ਨਾਂ ਲਈ ਬੱਸਾਂ ਨੂੰ ਕੀਤਾ ਰਵਾਨਾ




ਲੁਧਿਆਣਾ (ਸੁਖਚੈਨ ਮਹਿਰਾ)ਗੁਰੂ ਕੀ ਲਾਡਲੀ ਫੌਜ ਸੇਵਾ ਸੁਸਾਇਟੀ ਦੇ ਮੁੱਖ ਪ੍ਰਬੰਧਕ ਰਜਿੰਦਰ ਸਿੰਘ ਰਾਜਾ, ਪਰਮਜੀਤ ਸਿੰਘ ਬੱਬੂ ਅਤੇ ਸਾਥੀਆਂ ਵਲੋਂ ਹਰੇਕ ਮਹੀਨੇ ਸੰਗਤਾਂ ਨੂੰ ਗੁਰ ਇਤਿਹਾਸਕ ਸਥਾਨਾਂ ਦੇ ਦਰਸ਼ਨ ਅਤੇ ਇਤਿਹਾਸ ਤੋਂ ਜਾਣੂ ਕਰਵਾਕੇ ਅਪਣਾ ਅਤੇ ਸੰਗਤਾਂ ਦਾ ਜੀਵਨ ਸਫਲ ਕਰ ਰਹੇ ਹਨ ਇਨ੍ਹਾ ਸ਼ਬਦਾ ਦਾ ਪ੍ਰਗਟਾਵਾ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘਨੱ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਅਤੇ ਕੌਮੀ ਪ੍ਰਧਾਨ ਅੰਨਦਾਤਾ ਕਿਸਾਨ ਮਜ਼ਦੂਰ ਯੂਨੀਅਨ ਨੇ ਸਥਾਨਕ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਫੀਲਡ ਗੰਜ ਲੁਧਿਆਣਾ ਵਿਖੇ ਕੀਤਾ। ਇਸ ਮੌਕੇ ਤੇ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਗੁਰੂ ਕੀ ਲਾਡਲੀ ਫੌਜ ਸੇਵਾ ਸੁਸਾਇਟੀ ਵੱਲੋਂ ਗੁਰੂ ਸਾਹਿਬ ਜੀ ਦੇ ਦਸੇ ਮਾਰਗ ਨਾਮ ਜਪੋ, ਕਿਰਤ ਕਰੋ, ਵੰਡ ਛਕੋ ਦੇ ਸਿਧਾਂਤ ਤੇ ਪਹਿਰਾ ਦੇਣ ਦੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਸਮੇਂ ਨਿਸ਼ਾਨ ਸਾਹਿਬ ਦੇ ਝੰਡੇ ਥੱਲੇ ਰਜਿੰਦਰ ਸਿੰਘ ਰਾਜਾ, ਪਰਮਜੀਤ ਸਿੰਘ ਬੱਬੂ ਦੀ ਅਗਵਾਈ ਹੇਠ ਗੁਰਦੁਆਰਾ ਤਖਤ ਸ੍ਰੀ ਦਮਦਮਾ ਸਾਹਿਬ ਸਾਬੋ ਕੀ ਤਲਵੰਡੀ, ਗੁਰਦੁਆਰਾ ਮੈਹਦੇਆਣ
ਸਾਹਿਬ,ਗੁਰਦੁਆਰਾ ਅੜੀਸਰ ਸਾਹਿਬ ਬਰਨਾਲਾ, ਗੁਰਦੁਆਰਾ ਮਾਈ ਦੇਸਾਂ ਜੀ ਅਤੇ ਇਤਿਹਾਸਕ ਸਥਾਨਾਂ ਦੇ ਦਰਸ਼ਨਾਂ ਲਈ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਨੇ ਜੈਕਾਰਿਆਂ ਦੀ ਗੂੰਜ ਵਿੱਚ ਬਸਾਂ ਨੂੰ ਰਵਾਨਾ ਕੀਤਾ।

# ਵਿਧਾਇਕ ਜਸਵੰਤ ਸਿੰਘ ਗੱਜਣਮਾਜਰਾ, ਡੀ.ਸੀ. ਅਤੇ ਐਸ.ਐਸ.ਪੀ. ਵੱਲੋਂ ਪੀ ਐੱਮ ਸ਼੍ਰੀ ਸਕੂਲ ਭੋਗੀਵਾਲ ਦਾ ਦੌਰਾ

ਮਾਲੇਰਕੋਟਲਾ, (ਲੋਕ ਬਾਣੀ) ਅਸਲਮ ਨਾਜ਼ ਅਮਰਗੜ੍ਹ ਦੇ ਵਿਧਾਇਕ ਜਸਵੰਤ ਸਿੰਘ ਗੱਜਣਮਾਜਰਾ ਨੇ ਮਾਲੇਰਕੋਟਲਾ ਦੇ ਡਿਪਟੀ ਕਮਿਸ਼ਨਰ ਡਾ. ਪੱਲਵੀ, ਡਾਇਰੈਕਟਰ ਸਕੂਲ ਸਿੱਖਿਆ ਪਰਮਜੀਤ ਸਿੰਘ ਅਤੇ ਜ਼ਿਲ੍ਹਾ ਪੁਲਿਸ ਮੁਖੀ ਗਗਨ ਅਜੀਤ ਸਿੰਘ ਦੇ ਨਾਲ ਅੱਜ ਪੀ ਐੱਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੋਗੀਵਾਲ ਦਾ ਦੌਰਾ ਕੀਤਾ।

ਦੌਰੇ ਦੌਰਾਨ, ਪਤਵੰਤਿਆਂ ਨੇ ਸਕੂਲ ਦੇ ਵਿਦਿਆਰਥੀਆਂ ਦੁਆਰਾ ਆਯੋਜਿਤ ਇੱਕ ਪ੍ਰਭਾਵਸ਼ਾਲੀ ਕਲਾ ਪ੍ਰਦਰਸ਼ਨੀ ਦੇਖੀ। ਪ੍ਰਦਰਸ਼ਨੀ ਵਿੱਚ ਵਿਦਿਆਰਥੀਆਂ ਦੁਆਰਾ ਉਨ੍ਹਾਂ ਦੇ ਵਿਹਾਰਕ ਸਿਲੇਬਸ ਦੇ ਕੰਮ ਦੇ ਹਿੱਸੇ ਵਜੋਂ ਬਣਾਏ ਗਏ ਨਵੀਨਤਾਕਾਰੀ ਮਾਡਲਾਂ ਅਤੇ ਪ੍ਰੋਜੈਕਟਾਂ ਨੂੰ ਪ੍ਰਦਰਸ਼ਿਤ ਕੀਤਾ ਗਿਆ। ਪ੍ਰਭਾਵਸ਼ਾਲੀ ਪ੍ਰਦਰਸ਼ਨੀਆਂ ਵਿੱਚ ਵਿਦਿਆਰਥੀਆਂ ਦੀ ਸਿਰਜਣਾਤਮਕਤਾ, ਸਖ਼ਤ ਮਿਹਨਤ ਅਤੇ ਉਨ੍ਹਾਂ ਦੀ ਕਲਾ ਪ੍ਰਤੀ ਸਮਰਪਣ ਸਪੱਸ਼ਟ ਸੀ।

ਉਕਤ ਅਧਿਕਾਰੀਆਂ ਨੇ ਪੰਜਾਬੀ ਸੱਭਿਆਚਾਰਕ ਪਾਰਕ ਦਾ ਵੀ ਦੌਰਾ ਕੀਤਾ, ਜੋ ਕਿ ਜ਼ਿਲ੍ਹੇ ਵਿੱਚ ਇੱਕ ਅਤਿ-ਆਧੁਨਿਕ ਸਹੂਲਤ ਹੈ ਜੋ ਰਾਜ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਪ੍ਰਦਰਸ਼ਿਤ ਕਰਦੀ ਹੈ। ਪਾਰਕ ਦੇ ਸੁੰਦਰ ਢੰਗ ਨਾਲ ਡਿਜ਼ਾਈਨ ਕੀਤੇ ਗਏ ਬੁਨਿਆਦੀ ਢਾਂਚੇ ਅਤੇ ਜਾਣਕਾਰੀ ਭਰਪੂਰ ਪ੍ਰਦਰਸ਼ਨੀਆਂ ਨੇ ਦਰਸ਼ਕਾਂ ਤੇ ਸਥਾਈ ਪ੍ਰਭਾਵ ਛੱਡਿਆ।




ਇਸ ਮੌਕੇ ਤੇ ਬੋਲਦਿਆਂ ਵਿਧਾਇਕ ਜਸਵੰਤ ਸਿੰਘ ਗੱਜਣਮਾਜਰਾ ਨੇ ਸਕੂਲ ਦੇ ਵਿਦਿਆਰਥੀਆਂ ਅਤੇ ਸਟਾਫ਼ ਦੀ ਸ਼ਲਾਘਾ ਕੀਤੀ ਕਿ ਉਨ੍ਹਾਂ ਨੇ ਇੱਕ ਅਨੁਕੂਲ ਸਿੱਖਣ ਵਾਤਾਵਰਣ ਬਣਾਉਣ ਵਿੱਚ ਸ਼ਾਨਦਾਰ ਯਤਨ ਕੀਤੇ। ਉਨ੍ਹਾਂ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਦੀ ਮਹੱਤਤਾ ਤੇ ਜ਼ੋਰ ਦਿੱਤਾ, ਅਤੇ ਸਕੂਲ ਦੀ ਇਨ੍ਹਾਂ ਕਦਰਾਂ-ਕੀਮਤਾਂ ਪ੍ਰਤੀ ਵਚਨਬੱਧਤਾ ਲਈ ਪ੍ਰਸ਼ੰਸਾ ਕੀਤੀ।

ਡਿਪਟੀ ਕਮਿਸ਼ਨਰ ਡਾ. ਪੱਲਵੀ ਅਤੇ ਡਾਇਰੈਕਟਰ ਸਕੂਲ ਸਿੱਖਿਆ ਪਰਮਜੀਤ ਸਿੰਘ ਨੇ ਵੀ ਵਿਦਿਆਰਥੀਆਂ ਦੀ ਸਿਰਜਣਾਤਮਕਤਾ ਅਤੇ ਨਵੀਨਤਾ ਦੀ ਸ਼ਲਾਘਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀਆਂ ਕਲਾਤਮਕ ਪ੍ਰਤਿਭਾਵਾਂ ਦੀ ਖੋਜ ਕਰਦੇ ਰਹਿਣ ਅਤੇ ਆਪਣੇ ਸਾਰੇ ਯਤਨਾਂ ਵਿੱਚ ਉੱਤਮਤਾ ਲਈ ਯਤਨਸ਼ੀਲ ਰਹਿਣ ਲਈ ਉਤਸ਼ਾਹਿਤ ਕੀਤਾ।

ਜ਼ਿਲ੍ਹਾ ਪੁਲਿਸ ਮੁਖੀ ਗਗਨ ਅਜੀਤ ਸਿੰਘ ਨੇ ਪਾਠਕ੍ਰਮ ਤੋਂ ਬਾਹਰਲੀਆਂ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਅਤੇ ਵਿਦਿਆਰਥੀਆਂ ਵਿੱਚ ਭਾਈਚਾਰੇ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਵਿੱਚ ਸਕੂਲ ਦੇ ਯਤਨਾਂ ਦੀ ਸ਼ਲਾਘਾ ਕੀਤੀ। ਇਹ ਦੌਰਾ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਲਈ ਸਰਕਾਰ ਦੀ ਵਚਨਬੱਧਤਾ ਦਾ ਪ੍ਰਮਾਣ ਸੀ। ਸਕੂਲ ਦਾ ਵਿਦਿਆਰਥੀਆਂ ਵਿੱਚ ਇੱਕ ਚੰਗੀ ਤਰ੍ਹਾਂ ਤਿਆਰ ਸਿੱਖਿਆ ਪ੍ਰਦਾਨ ਕਰਨ ਅਤੇ ਰਚਨਾਤਮਕਤਾ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਲਈ ਸਮਰਪਣ ਸੱਚਮੁੱਚ ਸ਼ਲਾਘਾਯੋਗ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸੁਖਪ੍ਰੀਤ ਸਿੰਘ ਸਿੱਧੂ, ਸਵਰਨਜੀਤ ਕੌਰ ਐਸ.ਪੀ,ਐਸ.ਡੀ.ਐਮ. ਹਰਬੰਸ ਸਿੰਘ ਸਮੇਤ ਹੋਰ ਅਧਿਕਾਰੀ ਵੀ ਇਸ ਮੌਕੇ ਮੌਜੂਦ ਸਨ।

# ਜਸ਼ਨ ਜੀਵਨ ਨੂੰ ਜੋਸ਼ ਅਤੇ ਉਦੇਸ਼ ਨਾਲ ਭਰਦੇ ਹਨ। ਉਹ ਮਨੁੱਖੀ ਆਤਮਾ ਨੂੰ ਬੁਲਾਉਂਦੇ ਹਨ।




ਦੀਨਾਨਗਰ 18 ਫਰਵਰੀ (ਡਾ ਰਮੇਸ਼ ਸਰੰਗਲ ) ਸ਼ਾਂਤੀ ਦੇਵੀ ਸੀਨੀਅਰ ਸਕੈਂਡਰੀ ਸਕੂਲ ਦੁਆਰਾ ਆਯੋਜਿਤ ਸਮਾਗਮ, *ਫਿਸਟਾ 24-25* ਇੱਕ ਯਾਦਗਾਰੀ ਜਸ਼ਨ ਸੀ। ਸਕੂਲ, ਦੀਨਾਨਗਰ ਵਿਖੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਦੋ ਸਾਲ ਦੇ ਸਫਲ ਸਫ਼ਰ ਦੇ ਸਨਮਾਨ ਵਿੱਚ ਸਕੂਲ ਵਿੱਚ ਸਨਮਾਨਿਤ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਮੈਡਮ ਪ੍ਰਿੰਸੀਪਲ ਅਤੇ ਹੋਰ ਸਮੂਹ ਸਟਾਫ਼ ਮੈਂਬਰਾਂ ਦੇ ਫੁੱਲਾਂ ਦੀ ਵਰਖਾ ਕਰਕੇ ਦੀਪ ਜਗਾ ਕੇ ਕੀਤੀ ਗਈ ।

ਪ੍ਰਿੰਸੀਪਲ ਡਾ. ਸਰਲਾ ਨਿਰੰਕਾਰੀ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਕਰਦੇ ਹੋਏ ਜੀਵਨ ਦੇ ਵੱਡਮੁੱਲੇ ਪਾਠ ਪੜ੍ਹਾਏ। ਉਹਨਾ ਨੇ ਨਵੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਅਤੇ ਨਵੇਂ ਤਜ਼ਰਬਿਆਂ ਨੂੰ ਅਪਣਾਉਣ ਲਈ ਉਤਸੁਕਤਾ ਅਤੇ ਇੱਕ ਖੋਜੀ ਮਾਨਸਿਕਤਾ ਦੀ ਮਹੱਤਤਾ ਤੇ ਜ਼ੋਰ ਦਿੰਦੇ ਹੋਏ, ਉਨ੍ਹਾਂ ਨੂੰ ਸਿੱਖਣਾ ਅਤੇ ਵਧਣਾ ਜਾਰੀ ਰੱਖਣ ਲਈ ਉਤਸ਼ਾਹਿਤ ਕੀਤਾ।

ਵਿਦਿਆਰਥੀਆਂ ਨੇ ਆਪਣੇ ਸ਼ਾਨਦਾਰ ਪ੍ਰਦਰਸ਼ਨ ਨਾਲ ਹਾਜ਼ਰੀਨ ਦਾ ਮਨ ਮੋਹ ਲਿਆ, ਜਿਸ ਨਾਲ ਇਸ ਮੌਕੇ ਤੇ ਜੀਵਨ ਅਤੇ ਉਤਸ਼ਾਹ ਵਧ ਗਿਆ। ਮਾਡਲਿੰਗ ਮੁਕਾਬਲੇ, ਡਾ. ਸੋਨਮ ਗੁਪਤਾ, ਡਾ: ਅੰਜਨਾ ਮਲਹੋਤਰਾ, ਅਤੇ ਸ਼੍ਰੀਮਤੀ ਜੋਤੀ ਸੈਣੀ ਦੁਆਰਾ ਜੱਜ ਕੀਤੇ ਗਏ, ਕਈ ਵਿਦਿਆਰਥੀਆਂ ਨੂੰ ਵਿਲੱਖਣ ਟੈਗਸ ਨਾਲ ਸਨਮਾਨਿਤ ਕੀਤਾ ਗਿਆ। ਸਾਇੰਸ ਸਟ੍ਰੀਮ ਵਿੱਚੋਂ *ਅਨਮੋਲ* ਨੂੰ *ਮਿਸ ਡਾਂਸਿੰਗ ਦੀਵਾ*, ਆਰਟਸ ਸਟ੍ਰੀਮ ਵਿੱਚੋਂ *ਤਨਵੀ* ਨੂੰ *ਮਿਸ ਚਾਰਮਿੰਗ*, *ਪੱਲਵੀ* ਨੇ *ਮਿਸ ਕਾਂਫਿਡੈਂਟ* ਟੈਗ ਜਿੱਤਿਆ, ਸਾਇੰਸ ਸਟ੍ਰੀਮ ਵਿੱਚੋਂ *ਨਿਧਿਕਾ* ਨੇ *ਮਿਸ ਵੈਲ-ਗਰੂਮਡ* ਟੈਗ ਜਿੱਤਿਆ ਅਤੇ *ਕ੍ਰਿਤਿਕਾ* ਨੂੰ ਬੈਸਟ ਸਟੂਡੈਂਟ ਦਾ ਖਿਤਾਬ ਮਿਲਿਆ। ਸਮਾਗਮ ਦੀ ਸਮਾਪਤੀ ਵਿਦਿਆਰਥੀਆਂ ਨੇ ਪਲਾਂ ਦਾ ਜਸ਼ਨ ਮਨਾਉਣ, ਸੰਗੀਤ ਤੇ ਨੱਚਣ ਅਤੇ ਉਨ੍ਹਾਂ ਯਾਦਾਂ ਨੂੰ ਹਾਸਲ ਕਰਨ ਦੇ ਨਾਲ ਕੀਤੀ ਜੋ ਉਨ੍ਹਾਂ ਦੇ ਸਕੂਲੀ ਜੀਵਨ ਦੀ ਕਦਰ ਕਰਦੇ ਹੋਏ ਹਮੇਸ਼ਾ ਉਨ੍ਹਾਂ ਦੇ ਨਾਲ ਰਹਿਣਗੀਆਂ। ਇਸ ਮੌਕੇ ਡਾ. ਕੁਲਵਿੰਦਰ ਕੌਰ ਛੀਨਾ, ਡਾ. ਸੁਸ਼ਮਾ ਗੁਪਤਾ, ਮੋਹਿਤ ਅਗਰਵਾਲ, ਭਰਤ ਮਹਾਜਨ, ਰਮਾ ਕਪੂਰ ਅਤੇ ਹੋਰ ਸਟਾਫ ਮੈਂਬਰ ਮੌਜੂਦ ਸਨ।

# ਦਯਾਵੰਤੀ ਫਾਊਂਡੇਸ਼ਨ ਨੇ ਹੋਣਹਾਰ ਵਿਦਿਆਰਥੀਆਂ ਨੂੰ ਵੰਡੇ ਵਜੀਫੇ

## 15 ਸਕੂਲਾਂ ਦੇ 106 ਬੱਚਿਆਂ ਨੂੰ ਮਿਲੇ 1.70 ਲੱਖ ਰੁਪਏ



ਫਗਵਾੜਾ ( ਸੁਸ਼ੀਲ ਸ਼ਰਮਾ ) ਦਯਾਵੰਤੀ ਫਾਉਂਡੇਸ਼ਨ ਫਗਵਾੜਾ ਦੇ ਚੇਅਰਮੈਨ ਸਤੀਸ਼ ਬੱਤਰਾ ਦੀ ਪ੍ਰਧਾਨਗੀ ਹੇਠ ਹੋਣਹਾਰ ਵਿਦਿਆਰਥੀਆਂ ਨੂੰ ਵਜੀਫੇ ਵੰਡਣ ਸਬੰਧੀ ਇਕ ਸਮਾਗਮ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਵਿਖੇ ਕਰਵਾਇਆ ਗਿਆ। ਇਸ ਦੌਰਾਨ 15 ਸਕੂਲਾਂ ਦੇ ਪੜ੍ਹਾਈ ਵਿਚ ਹੁਸ਼ਿਆਰ 106 ਵਿਦਿਆਰਥੀਆਂ ਨੂੰ 1.70 ਲੱਖ ਰੁਪਏ ਤਕਸੀਮ ਕੀਤੇ ਗਏ। ਫਾਉਂਡੇਸ਼ਨ ਦੇ ਜਨਰਲ ਸਕੱਤਰ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਸਵ. ਬੰਸੀ ਲਾਲ ਬੱਤਰਾ ਦੇ ਪਰਿਵਾਰ ਵਲੋਂ ਇਹ ਨੇਕ ਉਪਰਾਲਾ ਕੀਤਾ ਗਿਆ ਹੈ। ਜਿਹਨਾਂ ਨੇ ਫਗਵਾੜਾ 'ਚ ਫਰੰਟੀਅਰ ਕਲਾਥ ਹਾਉਸ ਦੀ ਸਥਾਪਨਾ ਕੀਤੀ ਅਤੇ ਭਾਰਤ ਹੀ ਨਹੀਂ ਸਗੋਂ ਵਿਦੇਸ਼ਾਂ ਵਿਚ ਵੀ ਕਾਰੋਬਾਰ ਰਾਹੀਂ ਸ਼ਹਿਰ ਦਾ ਨਾਮ ਰੌਸ਼ਨ ਕਰ ਰਹੇ ਹਨ। ਉਹਨਾਂ ਦੱਸਿਆ ਕਿ ਇਸ ਪਰਿਵਾਰ ਵਲੋਂ ਮਾਤਾ ਦਯਾਵੰਤੀ ਦੀ ਯਾਦ ਵਿਚ ਸਮਾਜ ਭਲਾਈ ਕਾਰਜਾਂ ਲਈ ਫਾਉਂਡੇਸ਼ਨ ਬਣਾਈ ਗਈ ਹੈ। ਜਿਸ ਦੇ ਤਹਿਤ ਫਰੀ ਆਯੁਰਵੈਦਿਕ ਡਿਸਪੇਂਸਰੀ ਚਲਾਈ ਜਾਂਦੀ ਹੈ ਅਤੇ ਹਰ ਸਾਲ ਹੋਣਹਾਰ ਵਿਦਿਆਰਥੀਆਂ ਨੂੰ ਵਜੀਫੇ ਦਿੱਤੇ ਜਾਂਦੇ ਹਨ। ਇਸ ਤੋਂ ਇਲਾਵਾ ਸੰਜੀਵਨੀ ਪ੍ਰੋਗਰਾਮ ਤਹਿਤ ਬਿਰਧ ਆਸ਼ਰਮ ਵਿਰਕਾਂ ਅਤੇ ਸਾਹਨੀ ਆਸ਼ਰਮ ਵਿਖੇ ਸਿਹਤ ਸੰਭਾਲ ਕੀਤੀ ਜਾਂਦੀ ਹੈ। ਇਸ ਮੌਕੇ ਡਾ. ਐਮ.ਪੀ. ਸਿੰਘ, ਭੂਮਿਕਾ ਬੱਤਰਾ, ਲੀਨਾ ਬੱਤਰਾ, ਗੁਰਮੀਤ ਪਲਾਹੀ, ਹਰਬੰਸ ਲਾਲ, ਡਾ. ਜੇ.ਐਸ. ਵਿਰਕ, ਡਾ. ਵਿਕਾਸ ਨੇ ਵਿਦਿਆਰਥੀਆਂ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ ਅਤੇ ਜੀਵਨ ਵਿਚ ਪੜ੍ਹ ਲਿਖ ਕੇ ਸਫਲ ਨਾਗਰਿਕ ਬਣਨ ਲਈ ਪ੍ਰੇਰਿਆ। ਸਮਾਗਮ ਦੌਰਾਨ ਹਾਜਰ ਅਧਿਆਪਕਾਂ ਨੇ ਵੀ ਆਪਣੇ ਵਿਚਾਰ ਪੇਸ਼ ਕਰਦਿਆਂ ਜੀਵਨ ਵਿੱਚ ਪੜ੍ਹਾਈ ਦੇ ਮਹੱਤਵ ਬਾਰੇ ਚਾਨਣਾ ਪਾਇਆ। ਅਖੀਰ ਵਿੱਚ ਮੈਨੇਜਰ ਪਰਮਜੀਤ ਸਿੰਘ ਚੱਗਰ ਨੇ ਆਏ ਹੋਏ ਸਾਰੇ ਪਤਵੰਤਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਅਰਚਨਾ ਬੱਤਰਾ, ਅਨੁਜ ਬੱਤਰਾ, ਕ੍ਰਿਸ਼ਨ ਲਾਲ, ਪਰਮਿੰਦਰ, ਸੰਦੀਪ ਕੁਮਾਰ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਗੁਲਸ਼ਨ ਕਪੂਰ ਆਦਿ ਹਾਜਰ ਸਨ।

# ਕਮਿਸ਼ਨਰ ਨਗਰ ਨਿਗਮ ਵਲੋਂ ਪ੍ਰਧਾਨ ਮੰਤਰੀ ਅਵਾਸ ਯੋਜਨਾ ਤਹਿਤ ਪ੍ਰਦਾਨ ਕੀਤੀ ਜਾ ਰਹੀ ਵਿੱਤੀ ਸਹਾਇਤਾ ਦਾ ਲਾਭ ਲੈਣ ਦੀ ਅਪੀਲ



ਫਗਵਾੜਾ, (ਸੁਸ਼ੀਲ ਸ਼ਰਮਾ ) ਕਮਿਸ਼ਨਰ ਨਗਰ ਨਿਗਮ ਨਵਨੀਤ ਕੌਰ ਬੱਲ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਅਵਾਸ ਯੋਜਨਾ-ਅਰਬਨ 2.0 (ਪੀ.ਐਸ.ਏ.ਵਾਈ-ਯੂ 2.0) ਸਕੀਮ ਤਹਿਤ ਲੋਕਾਂ ਨੂੰ ਕੱਚੇ ਮਕਾਨ, ਬਾਲਿਆਂ ਵਾਲੀ ਛੱਤਾਂ ਅਤੇ ਖਾਲੀ ਪਲਾਟਾਂ ਵਿੱਚ ਉਸਾਰੀ ਨੂੰ ਪੱਕਾ ਕਰਨ ਲਈ 2.5 ਲੱਖ ਰੁਪਏ ਦੀ ਵਿੱਤੀ ਸਹਾਇਤ ਮੁਹੱਈਆ ਕਰਵਾਈਆ ਜਾ ਰਹੀ ਹੈ।

ਉਨ੍ਹਾਂ ਲੋਕਾਂ ਨੂੰ ਇਸ ਸਕੀਮ ਸਬੰਧੀ ਜਾਗਰੂਕ ਕਰਨ ਦੇ ਮਕਸਦ ਨਾਲ ਜ਼ਿਲਾ ਕਪੂਰਥਲਾ ਅਧੀਨ ਆਉਂਦੀਆਂ ਨਗਰ ਨਿਗਮਾਂ, ਨਗਰ ਕੌਂਸਲਾਂ, ਨਗਰ ਪੰਚਾਇਤਾਂ ਕੈਂਪ ਲਗਾਉਣ ਦੇ ਨਾਲ-ਨਾਲ ਮੁਨਾਦੀ, ਬੈਨਰਾਂ ਰਾਹੀਂ ਸਕੀਮ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਜਾ ਰਹੀ ਹੈ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਯੋਜਨਾ ਦਾ ਲਾਭ ਉਠਾਉਣ ਲਈ ਆਪਣੀ ਅਰਜ਼ੀ ਸਮੇਤ ਦਸਤਾਵੇਜ ਨਗਰ ਨਿਗਮ, ਫਗਵਾੜਾ ਦੇ ਦਫ਼ਤਰ ਲਾਇਬ੍ਰੇਰੀ ਸ਼ਾਖਾ ਪਹਿਲੀ ਮੰਜਿਲ ਦੇ ਕਮਰਾ ਨੰ: 2 ਵਿਖੇ ਜਮ੍ਹਾ ਕਰਵਾ ਸਕਦੇ ਹਨ।

# ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਦੀ ਹੋਈ ਵਣ ਮੰਤਰੀ ਨਾਲ ਮੀਟਿੰਗ



ਲੁਧਿਆਣਾ :ਫਰਵਰੀ (ਲੋਕ ਬਾਣੀ) :ਜੰਗਲਾਤ ਵਰਕਰਜ ਯੂਨੀਅਨ ਪੰਜਾਬ ਸਬੰਧਤ ਪੰਜਾਬ ਸੁਬਾਰਡੀਨੇਟ ਸਰਵਿਸਿਜ ਫ਼ੈਡਰੈਸਨ1406-22 ਬੀ ਵੱਲੋਂ ਵਣ ਅਤੇ ਜੰਗਲੀ ਜੀਵ ਵਿਭਾਗ ਵਿਚ ਪਿਛਲੇ 25-25ਸਾਲਾਂ ਤੋ ਨਿਗੋਣੀਆ ਤਨਖ਼ਾਹਾਂ ਤੇ ਡੇਲੀਵੇਜ ਕੰਮ ਕਰਦੇ ਕਾਮਿਆ ਨੂੰ ਬਿਨਾਂ ਸ਼ਰਤ ਪੱਕੇ ਕਰਵਾਉਣ ਲਈ ਅਤੇ ਹੋਰ ਮੰਗ ਪੱਤਰ ਵਿੱਚ ਦਰਜ ਮੰਗਾ ਨੂੰ ਲਾਗੂ ਕਰਵਾਉਣ ਲਈ ਅੱਜ ਮਾਨਯੋਗ ਸ੍ਰੀ ਲਾਲ ਚੰਦ ਕਟਾਰੂਚੱਕ ਵਣ ਮੰਤਰੀ ਪੰਜਾਬ ਅਤੇ ਅਤੇ ਵਣ ਵਿਭਾਗ ਆਧਿਕਾਰੀ ਸੈਕਟਰੀ ਪ੍ਰਿਅੰਕਾ ਭਾਰਤੀ ਅਤੇ ਪ੍ਰਧਾਨ ਮੁੱਖ ਵਣਪਾਲ ਸ੍ਰੀ ਧਰਮਿੰਦਰ ਸਰਮਾਂ,ਬਸੰਤਾ ਰਾਜ ਕੁਮਾਰ 336 ਨਿਰਮਲ ਸਿੰਘ ਰੰਧਾਵਾ 336 ਪਲੇਨ ਤੇ ਸੌਰਵ ਗੁਪਤਾ ਮੁੱਖ ਵਣ ਪਾਲ, ਇੰਦਰਜੀਤ ਸਿੰਘ ਸੁਪਰਡੈਂਟ ਨਾਲ ਵਣ ਭਵਨ ਦਫ਼ਤਰ ਵਿਖੇ ਮੀਟਿੰਗ ਹੋਈ।ਅੱਜ ਦੀ ਮੀਟਿੰਗ ਵਿਚ ਮਾਨਯੋਗ ਵਣ ਮੰਤਰੀ ਜੀ ਨੇ ਕਿਹਾ ਕੀ ਜੰਗਲਾਤ ਅਤੇ ਜੰਗਲੀ ਜੀਵ ਵਿਭਾਗ ਦੇ ਕੱਚੇ ਕਾਮਿਆਂ ਨੂੰ ਕੁੱਝ ਸਮੇਂ ਵਿਚ ਬਿਨਾਂ ਸ਼ਰਤ ਪੱਕਿਆ ਕੀਤਾ ਜਾਵੇਗਾ ਹਰ ਵਰਕਰ ਦੀ ਤਨਖਾਹਾਂ ਹਰ ਮਹਿਨੇ ਦੀ 10 ਤਾਰੀਕ ਤੱਕ ਦੇ ਦਿੱਤੀ ਜਾਵੇਗੀ, ਮਨਰੇਗਾ ਵਰਕਰਾਂ ਤੋਂ ਵਿਭਾਗੀ ਸਟਰਿਪਾ ਉਪਰ ਕੰਮ ਨਹੀਂ ਕਰਵਾਏ ਜਾਣਗੇ,ਜਲਦੀ ਹੀ ਅਪ੍ਰੈਲ 2025 ਤੋਂ ਨਵੇਂ ਪ੍ਰਾਜੈਕਟ ਲਿਆ ਕੇ ਨਵੇਂ ਕੰਮਾਂ ਵਿੱਚ ਵਾਧਾ ਕੀਤਾ ਜਾਵੇਗਾ,ਜਿਨ੍ਹਾਂ ਕਲਰਕਾਂ ਨੂੰ ਬਿਨਾਂ ਬਜਾ ਬੇਲਦਾਰ ਬਣਾਇਆ ਗਿਆ ਸੀ ਉਨ੍ਹਾਂ ਨੂੰ ਹੁਣ ਟ੍ਰੇਨਿੰਗ ਦੇ ਕੇ ਜਲਦੀ ਕਲਰਕ ਬਣਾਇਆ ਜਾਵੇਗਾ, ਅੱਜ ਦੀ ਮੀਟਿੰਗ ਵਿਚ ਜਥੇਬੰਦੀ ਦੇ ਸੂਬਾ ਪ੍ਰਧਾਨ ਅਮਰੀਕ ਸਿੰਘ ਗੜ੍ਹਸ਼ੰਕਰ, ਜਨਰਲ ਸਕੱਤਰ ਜਸਵੀਰ ਸਿੰਘ ਸੀਰਾ,ਪ.ਸ.ਸ.ਫ ਆਗੂ ਗੁਰਵਿੰਦਰ ਸਿੰਘ ਖਮਾਣੋਂ, ਸੁਬਾਈ ਆਗੂ ਬਲਵੀਰ ਤਰਨਤਾਰਨ, ਜਸਵਿੰਦਰ ਸਿੰਘ ਸੌਜਾ, ਅਮਨਦੀਪ ਸਿੰਘ ਛੱਤ ਬੀੜ, ਰਵੀਕਾਂਤ ਰੋਪੜ ਸਤਨਾਮ ਸੰਗਰੂਰ ਸੁਲੱਖਣ ਸਿੰਘ ਸਿਸਵਾਂ,ਰਵੀ ਗੜ੍ਹੀ ਲੁਧਿਆਣਾ, ਸੇਰ ਸਿੰਘ ਸਰਹਿੰਦ ,ਸੁਰਿੰਦਰ ਗੁਰਦਾਸਪੁਰ ਕੇਵਲ ਗੜ੍ਹਸ਼ੰਕਰ ਬੱਬੂ ਮਾਨਸਾ ਜਸਪਾਲ ਸਿੰਘ ਮਨਜੀਤ ਸਿੰਘ ਹਰੀਕੇ ਪੱਤਣ ਤੋ ਬਚਿੱਤਰ

# ਸ਼ਿਵ ਸ਼ਕਤੀ ਮਾਤਾ ਮੰਦਿਰ ਜੋਸ਼ੀਆਂ ਮੁਹੱਲਾ ਵਿਖੇ ਮਨਾਇਆ ਸਲਾਨਾ ਮੂਰਤੀ ਸਥਾਪਨਾ ਦਿਵਸ



ਫਗਵਾੜਾ ( ਸੁਸ਼ੀਲ ਸ਼ਰਮਾ ) ਸ਼ਿਵ ਸ਼ਕਤੀ ਮਾਤਾ ਮੰਦਿਰ ਜੋਸ਼ੀਆਂ ਮੁਹੱਲਾ ਫਗਵਾੜਾ ਵਿਖੇ ਸਲਾਨਾ ਮੂਰਤੀ ਸਥਾਪਨਾ ਦਿਵਸ ਮੰਦਿਰ ਕਮੇਟੀ ਪ੍ਰਧਾਨ ਚੰਚਲ ਸੇਠ ਦੀ ਦੇਖ-ਰੇਖ ਹੇਠ ਮਨਾਇਆ ਗਿਆ। ਇਸ ਦੌਰਾਨ ਧਾਰਮਿਕ ਰਸਮਾਂ ਉਪਰੰਤ ਮਾਤਾ ਰਾਣੀ ਦੀ ਚੌਂਕੀ ਕਰਵਾਈ ਗਈ। ਜਿਸ ਵਿਚ ਗਾਇਕ ਜਸਵੀਰ ਮਾਹੀ ਨੇ ਖ਼ੂਬਸੂਰਤ ਭੇਟਾ ਰਾਹੀਂ ਮਹਾਂਮਾਈ ਦੀ ਮਹਿਮਾ ਦਾ ਸੁੰਦਰ ਗੁਣਗਾਨ ਕੀਤਾ। ਸਮਾਗਮ ਦੌਰਾਨ ਹਲਕਾ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ, ਵਾਰਡ ਕੌਂਸਲਰ ਮਨੀਸ਼ ਪ੍ਰਭਾਕਰ ਅਤੇ ਮਨੁੱਖੀ ਅਧਿਕਾਰ ਕੌਂਸਲ (ਇੰਡੀਆ) ਦੇ ਸ਼ਾਖਾ ਪ੍ਰਧਾਨ ਗੁਰਦੀਪ ਸਿੰਘ ਕੰਗ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਮਾਤਾ ਰਾਣੀ ਦੇ ਚਰਨਾਂ ਵਿੱਚ ਮੱਥਾ ਟੇਕ ਕੇ ਅਸ਼ੀਰਵਾਦ ਲਿਆ। ਵਿਧਾਇਕ ਧਾਲੀਵਾਲ ਅਤੇ ਹੋਰਨਾਂ ਪਤਵੰਤਿਆਂ ਨੇ ਸੰਗਤ ਨੂੰ ਸਲਾਨਾ ਮੂਰਤੀ ਸਥਾਪਨਾ ਦਿਵਸ ਦੀ ਵਧਾਈ ਦਿੱਤੀ। ਮੰਦਿਰ ਕਮੇਟੀ ਵੱਲੋਂ ਪਤਵੰਤਿਆਂ ਨੂੰ ਸਨਮਾਨ ਵਜੋਂ ਮਾਤਾ ਰਾਣੀ ਦੀ ਚੁੰਨਰੀ ਭੇਂਟ ਕੀਤੀ ਗਈ। ਇਸ ਮੌਕੇ ਮੰਦਰ ਕਮੇਟੀ ਕੈਸ਼ੀਅਰ ਕਿੱਟੀ ਬਸਰਾ, ਮੀਨਾ ਗੁਪਤਾ, ਮੇਘਾ ਕੁਕਰੇਜਾ, ਨੀਲਮ ਗੁਪਤਾ, ਅਮਿਤਾ ਖੋਸਲਾ, ਚਾਂਦ, ਸੀਆ, ਰੀਮਾ, ਉਰਮਿਲਾ, ਬੀਨਾ, ਕਨੂੰ, ਚੰਚਲ, ਰਾਣੀ, ਸਵਿਤਾ, ਪੱਲਵੀ, ਤ੍ਰਿਪਤਾ, ਸੋਨਾ, ਕਿਰਨ ਵਰਮਾ, ਜੋਤੀ ਆਦਿ ਹਾਜ਼ਰ ਸਨ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੂੰ ਮੁਲਾਜ਼ਮਾਂ ਅਤੇ ਪੈਨਸ਼ਨਰਜ਼ ਮੰਗਾਂ ਪ੍ਰਤੀ ਮੁੱਖ ਮੰਤਰੀ ਮੁੱਖ ਮੰਤਰੀ ਦੇ ਨਾਂ ਦਿੱਤਾ ਮੰਗ ਪੱਤਰ-ਸਾਂਝਾ ਫਰੰਟ



ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਜ਼ ਵਰਗ ਦੀਆਂ ਮੰਗਾਂ ਸਬੰਧੀ ਪਿਛਲੇ ਲੰਬੇ ਸਮੇਂ ਤੋਂ ਸੰਘਰਸ਼ ਕੀਤਾ ਜਾ ਰਿਹਾ ਹੈ। ਇਸੇ ਸੰਘਰਸ਼ ਦੀ ਲੜੀ ਤਹਿਤ ਮੋਹਣ ਸਿੰਘ ਭੱਟੀ, ਹੰਸ ਰਾਜ ਬੰਗੜ,ਗੁਰਮੁਖ ਲੋਕ ਪ੍ਰੇਮੀ,ਜਸਵੀਰ ਸਿੰਘ ਸੈਣੀ ਆਦਿ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਫਗਵਾੜਾ ਦੀ ਅਗਵਾਈ ਵਿੱਚ ਮੁੱਖ ਮੰਤਰੀ ਦੇ ਨਾਂ ਤੇ ਵਿਧਾਇਕ ਸ.ਬਲਵਿੰਦਰ ਸਿੰਘ ਧਾਲੀਵਾਲ ਦੀ ਗੈਰ ਮੌਜੂਦਗੀ ਵਿੱਚ ਉਹਨਾਂ ਦੇ ਪੀ.ਏ.ਸ਼੍ਰੀ ਅਮਰਿੰਦਰ ਸਿੰਘ ਨੂੰ ਮੰਗ ਸੌਂਪਦੇ ਹੋਏ ਬੇਨਤੀ ਕੀਤੀ ਗਈ ਕਿ ਇਕੱਲਾ ਮੁੱਖ ਮੰਤਰੀ ਪੰਜਾਬ ਦੇ ਨਾਂ ਤੇ ਪੱਤਰ ਹੀ ਨਹੀਂ ਭੇਜਣਾ ਸਗੋਂ ਸਾਂਝਾ ਫਰੰਟ ਦੇ ਆਗੂਆਂ ਵਲੋਂ ਵਿਧਾਇਕ ਸਾਹਿਬ ਨੂੰ ਬੇਨਤੀ ਕਰਨੀ ਹੈ ਕਿ ਉਪਰੋਕਤ ਮੰਗਾਂ ਸਬੰਧੀ ਵਿਧਾਨ ਸਭਾ ਵਿੱਚ ਜ਼ੋਰਦਾਰ ਆਵਾਜ਼ ਉਠਾ ਕੇ ਆਪਣਾ ਬਣਦਾ ਵਿਰੋਧੀ ਧਿਰ ਦਾ ਰੋਲ ਵੀ ਨਿਭਾਉਣ। ਇਸ ਦੇ ਜਵਾਬ ਵਿੱਚ ਪੀ ਏਂ ਸਾਹਿਬ ਨੇ ਵਿਧਾਨ ਸਭਾ ਵਿੱਚ ਮੰਗਾਂ ਸਬੰਧੀ ਆਵਾਜ਼ ਉਠਾਉਣ ਲਈ ਮੰਗ ਪੱਤਰ ਸੰਬੰਧੀ ਪ੍ਰਸ਼ਨ ਬਣਾ ਕੇ ਭੇਜਣ ਦਾ ਵਿਸ਼ਵਾਸ ਦਿਵਾਇਆ।ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਸਾਬਕਾ ਸੂਬਾਈ ਆਗੂਆਂ ਕਰਨੈਲ ਸਿੰਘ ਸੰਧੂ,ਗਿਆਨ ਚੰਦ ਨਈਅਰ ਅਤੇ ਪ.ਸ.ਸ.ਫ.ਦੇ ਆਗੂ ਨਿਰਮੋਲਕ ਸਿੰਘ ਹੀਰਾ ਆਦਿ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਮੁਲਾਜ਼ਮ ਮੰਗਾਂ ਸਬੰਧੀ ਗੱਲਬਾਤ ਤੋਂ ਟਾਲ ਮਟੋਲ, ਪੰਜਾਬ ਸਰਕਾਰ ਵੱਲੋਂ ਮੁਲਾਜ਼ਮ ਮੰਗਾਂ,ਪੈਨਸ਼ਨਰਜ਼ ਦੀ ਪੈਨਸ਼ਨ ਸੁਧਾਈ ਸਬੰਧੀ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਸਬੰਧੀ,ਪੇਂਡੂ ਭੱਤੇ ਸਮੇਤ ਬੰਦ ਕੀਤੇ ਭੱਤੇ ਬਹਾਲ ਕਰਨ ਸਬੰਧੀ ,ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਸਬੰਧੀ ,ਤਨਖਾਹ ਕਮਿਸ਼ਨ ਸਬੰਧੀ ਤਰੁੱਟੀਆਂ ਦੂਰ ਕਰਨ ਲਈ,ਗਰੈਚਟੀ ਸਬੰਧੀ , ਪੰਜਾਬ ਦੇ ਮੁਲਾਜ਼ਮ ਵਰਗ ਤੇ ਕੇਂਦਰੀ ਪੇ ਸਕੇਲ ਰੱਦ ਕਰਕੇ ਪੰਜਾਬ ਦੇ ਪੇ ਸਕੇਲ ਬਹਾਲ ਕਰਨਾ,ਮੁਲਾਜ਼ਮ ਵਿਰੋਧੀ ਨੋਟੀਫਕੇਸ਼ਨ ਰੱਦ ਕਰਨ, ਕੈਸ਼ਲੈਸ ਹੈਲਥ ਸਕੀਮ ਸਬੰਧੀ, ਅਦਾਲਤ ਫੈਸਲਿਆਂ ਸਬੰਧੀ,ਝੂਠੇ ਪੁਲਿਸ ਕੇਸਾਂ ਸਬੰਧੀ ਕਿਸੇ ਵੀ ਮੁਲਾਜ਼ਮ ਮੰਗ ਨੂੰ ਹੱਲ ਕਰਨਾ ਤਾਂ ਦੂਰ ਦੀ ਗੱਲ ਰਹੀ,ਸਗੋਂ ਮੁੱਖ ਮੰਤਰੀ ਪੰਜਾਬ ਦੁਆਰਾ ਸਾਂਝੇ ਫਰੰਟ ਦੇ ਆਗੂਆਂ ਨਾਲ ਕਿਤੇ ਵੀ ਇਹਨਾਂ ਮੰਗਾਂ ਸਬੰਧੀ ਗੱਲਬਾਤ ਨਹੀਂ ਕੀਤੀ ਗਈ ਸਗੋਂ ਸਮੇਂ ਸਮੇਂ ਤੇ ਗੱਲਬਾਤ ਲਈ ਸਮਾਂ ਦੇ ਕੇ ਟਾਲ ਮਟੋਲ ਕਰਦੇ ਹੋਏ ਮੀਟਿੰਗ ਦੀ ਮਿਤੀ ਵਾਰ ਵਾਰ ਅੱਗੇ ਕੀਤੀ ਗਈ।ਮੁਲਾਜ਼ਮ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਵਾਅਦੇ ਮੁਤਾਬਿਕ ਮੁਲਾਜ਼ਮ ਮੰਗਾਂ ਸਬੰਧੀ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਦੇ ਆਗੂਆਂ ਨਾਲ ਗੱਲਬਾਤ ਕੀਤੀ ਜਾਵੇ ਤੇ ਮੁਲਾਜ਼ਮ ਮੰਗਾਂ ਦਾ ਨਿਪਟਾਰਾ ਕੀਤਾ ਜਾਵੇ ਨਹੀਂ ਤਾਂ ਆਉਣ ਵਾਲੇ ਸਮੇਂ ਸੰਘਰਸ਼ ਨੂੰ ਹੋਰ ਤੇਜ਼ ਕਰਦੇ ਹੋਏ ਬਜਟ ਸੈਸ਼ਨ ਦੌਰਾਨ ਲਗਾਤਾਰ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ ਸਾਂਝਾ ਫਰੰਟ ਵੱਲੋਂ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਨੀਤੀ ਵਿਰੁੱਧ ਵਿਧਾਨ ਸਭਾ ਵੱਲ ਮਾਰਚ ਕੀਤਾ ਜਾਵੇਗਾ। ਇਸ ਸਮੇਂ ਕੁਲਦੀਪ ਸਿੰਘ ਕੌੜਾ,ਡਾ.ਤਰਲੋਕ ਸਿੰਘ, ਸੀਤਲ ਰਾਮ ਬੰਗਾ, ਹਰਜਿੰਦਰ ਨਿਆਣਾ,ਸਵਰਨ ਸਿੰਘ ਫ਼ੌਜੀ, ਸਤਪਾਲ ਸਿੰਘ ਖੱਟਕੜ, ਬਲਵੀਰ ਸਿੰਘ,ਪ੍ਰਮੋਦ ਕੁਮਾਰ ਜੋਸ਼ੀ,ਸੁਰਜੀਤ ਸਿੰਘ ਮਾਹੀ,ਕੇ ਕੇ ਪਾਂਡੇ,ਗੁਰਮੇਲ ਸਿੰਘ,ਹਰਭਜਨ ਲਾਲ ਕੌਲ, ਮਨਜੀਤ ਕੌਰ, ਕਮਲਜੀਤ ਕੌਰ,ਬਲਵੀਰ ਕੌਰ,ਸੁਨੀਤਾ,ਮੀਨਾ ਕੁਮਾਰੀ,ਸੀਮਾ ਰਾਣੀ,ਸੁਖਵਿੰਦਰ ਕੌਰ ਆਦਿ ਹਾਜ਼ਰ ਸਨ।

# ਜੈ ਮਿਲਾਪ ਲੈਬ ਐਸੋਸੀਏਸ਼ਨ ਦੀ ਮਹੀਨਾਵਾਰ ਹੋਈ ਬੈਠਕ



ਫਗਵਾੜਾ ( ਸੁਸ਼ੀਲ ਸ਼ਰਮਾ) ਜੈ ਮਿਲਾਪ ਲੈਬ ਐਸੋਸੀਏਸ਼ਨ ਰਜਿ ਬਲਾਕ ਫਗਵਾੜਾ ਦੀ ਇੱਕ ਅਹਿਮ ਮਹੀਨਾਵਾਰ ਬੈਠਕ ਬਲਾਕ ਪ੍ਰਧਾਨ ਬਲਵੰਤ ਸਿੰਘ ਦੀ ਪ੍ਰਧਾਨਗੀ ਹੇਠ ਜੰਜੂਆ ਰੈਸਟੋਰੈਂਟ ਵਿਖੇ ਹੋਈ ਇਸ ਮੀਟਿੰਗ ਵਿੱਚ ਸਰਪ੍ਰਸਤ ਸ. ਝਿਰਮਿਲ ਸਿੰਘ, ਕਪੂਰਥਲਾ ਸੈਕਟਰੀ ਅਤੇ ਸਲਾਹਕਾਰ ਸ੍ਰੀ ਮਨੀਸ਼ ਕਾਲੀਆ , ਬਲਾਕ ਪ੍ਰਧਾਨ ਸ. ਬਲਵੰਤ ਸਿੰਘ, ਬਲਾਕ ਸੈਕਟਰੀ ਸ. ਹਰਵਿੰਦਰ ਸਿੰਘ ਜੱਸਲ , ਖਜ਼ਾਨਚੀ ਸ੍ਰੀ ਨਿਤਿਸ਼ ਗਨਾਤਰਾ ਅਤੇ ਬਾਕੀ ਮੈਂਬਰਾਂ ਨੇ ਸ਼ਿਰਕਿਤ ਕੀਤੀ ਮੀਟਿੰਗ ਵਿੱਚ ਬਲਾਕ ਪ੍ਰਧਾਨ ਬਲਵੰਤ ਸਿੰਘ ਨੇ ਅਗਲੇ ਮਹੀਨੇ ਮਾਰਚ ਵਿੱਚ ਜਲੰਧਰ (✶ ♦ ”) ਵਿੱਚ ਹੋਣ ਵਾਲੀ ਕਾਨਫਰੰਸ ਵਿੱਚ ਜਾਣ ਲਈ ਸਾਰੇ ਮੈਂਬਰਾਂ ਦੀ ਰਾਏ ਲਈ ਗਈ ਜਿਸ ਤੇ ਸਮੂਹ ਮੈਂਬਰਾਂ ਨੇ ਦਿਲਚਸਪੀ ਵਿਖਾਉਂਦੇ ਹੋਏ ਇਸ ਕਾਨਫਰੰਸ ਵਿੱਚ ਜਾਣ ਲਈ ਸਹਿਮਤੀ ਪ੍ਰਗਟ ਕੀਤੀ ਮੀਟਿੰਗ ਵਿੱਚ ਲੈਬੋਰੇਟਰੀਆਂ ਨੂੰ ਆ ਰਹੀਆਂ ਹੋਰ ਮੁਸ਼ਕਲਾਂ ਬਾਰੇ ਵੀ ਚਰਚਾ ਕੀਤੀ ਗਈ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਸ. ਝਿਰਮਿਲ ਸਿੰਘ ਦਾ ਨਿੱਘਾ ਸਨਮਾਨ ਕੀਤਾ ਗਿਆ

# ਮੋਤੀ ਭਾਟੀਆ ਨੂੰ ਅਸੀਂ ਨਹੀਂ ਮੰਨਦੇ ਮੇਅਰ,ਦਫਤਰ ਬੰਦ ਕਰਨ ਲਈ ਕਾਂਗਰਸੀਆਂ ਨੇ ਕਮਿਸ਼ਨ ਨੂੰ ਦਿੱਤਾ ਤਾਲਾ




ਫ਼ਗਵਾੜਾ (ਸੁਸ਼ੀਲ ਸ਼ਰਮਾ) ਗੁਰੂ ਨਗਰੀ ਦੀਆਂ ਵਾਰਡਾਂ ਦੇ ਵਿੱਚ ਵਿਕਾਸ ਦੇ ਕੰਮ ਨਾ ਹੋਣ ਦਾ ਆਰੋਪ ਲਗਾਉਂਦਿਆਂ 41 ਕਾਂਗਰਸੀ ਕੌਂਸਲਰਾਂ ਵੱਲੋਂ ਆਪਣੀਆਂ ਆਪਣੀਆਂ ਵਾਰਡਾਂ ਦੀਆਂ ਮੁਸ਼ਕਿਲਾਂ ਦੇ 41 ਮੰਗ ਪੱਤਰ ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੂੰ ਸੌਂਪੇ ਗਏ। ਇਸ ਦੇ ਨਾਲ ਨਾਲ ਕਾਂਗਰਸੀ ਕੌਂਸਲਰਾਂ ਵੱਲੋਂ ਮੇਅਰ ਦੇ ਦਾਵੇਦਾਰ ਰਹੇ ਵਿਕਾਸ ਸੋਨੀ ਵੱਲੋਂ ਮੇਅਰ ਦੇ ਦਫਤਰ ਨੂੰ ਲਗਾਉਣ ਲਈ ਨਗਰ ਨਿਗਮ ਕਮਿਸ਼ਨਰ ਨੂੰ ਤਾਲਾ ਵੀ ਦਿੱਤਾ ਗਿਆ।

ਪਹਿਲਾਂ ਤੋਂ ਹੀ ਤਿਆਰ ਪ੍ਰੋਗਰਾਮ ਦੇ ਤਹਿਤ ਕਾਂਗਰਸੀ ਕੌਂਸਲਰ ਨਗਰ ਨਿਗਮ ਕਮਿਸ਼ਨਰ ਦਫਤਰ ਪਹੁੰਚੇ। ਜਿੱਥੇ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਅਤੇ ਸੰਯੁਕਤ ਕਮਿਸ਼ਨਰ ਸੁਰਿੰਦਰ ਸਿੰਘ ਦੀ ਹਾਜਰੀ ਦੇ ਵਿੱਚ ਬੈਠਕ ਕਰਦੇ ਹੋਏ ਪੰਜਾਬ ਸਰਕਾਰ ਦੇ ਸਮੇਂ ਵਾਰਡਾਂ ਵਿੱਚ ਵਿਕਾਸ ਕੰਮ ਨਾ ਹੋਣ ਅਰੋਪ ਲਗਾਉਂਦੇ ਹੋਏ ਸੰਯੁਕਤ ਤੌਰ ਤੇ ਸਾਰੇ ਕੌਂਸਲਰਾਂ ਵੱਲੋਂ ਮੰਗ ਪੱਤਰ ਦਿੱਤੇ ਗਏ।

ਵਿਕਾਸ ਸੋਨੀ ਨੇ ਕਿਹਾ ਕਿ ਬੇ-ਨਿਯਮਾਂ ਦੇ ਨਾਲ ਕੁਰਸੀ ਤੇ ਬੈਠੇ ਜਤਿੰਦਰ ਸਿੰਘ ਮੋਤੀ ਭਾਟੀਆ ਨੂੰ ਅਸੀਂ ਮੇਅਰ ਨਹੀਂ ਮੰਨਦੇ ਹਾਂ। ਜਿਸ ਨੂੰ ਧਿਆਨ ਦੇ ਵਿੱਚ ਰੱਖਦਿਆਂ ਮੇਅਰ ਦੇ ਦਫਤਰ ਨੂੰ ਪੱਕੇ ਤੌਰ ਤੇ ਬੰਦ ਕਰਨ ਦੀ ਮੰਗ ਕਰਦੇ ਹੋਏ ਕਮਿਸ਼ਨਰ ਨੂੰ ਤਾਲਾ ਵੀ ਸੌਂਪਿਆ ਗਿਆ ਹੈ। ਇੱਕ ਸੁਰ ਦੇ ਵਿੱਚ ਕਾਂਗਰਸ ਦੇ ਕੌਂਸਲਰਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਦੂਸਰਾ ਨਾਮ ਝੂਠ ਦਾ ਪੁਲੰਦਾ ਹੈ। ਹੱਦ ਤੋਂ ਵੱਧ ਝੂਠ ਬੋਲਣ ਵਾਲੇ ਆਪ ਦੇ ਨੇਤਾਵਾਂ ਦੇ ਮਾੜੇ ਕਾਰਨਾਮਿਆਂ ਨੂੰ ਪੰਜਾਬ ਵਾਸੀ ਪੂਰੀ ਤਰ੍ਹਾਂ ਜਾਣ ਚੁੱਕੇ ਹਨ। ਹਰ ਪ੍ਰਕਾਰ ਦਾ ਪੂਰਾ ਜੋਰ ਲਗਾਉਣ ਤੋਂ ਬਾਅਦ ਨਗਰ ਨਿਗਮ ਚੋਣਾਂ ਵਿੱਚ ਸਿਰਫ 24 ਕੌਂਸਲਰ ਜਿੱਤਣਾ ਅਤੇ ਦਿੱਲੀ ਦੇ ਵਿੱਚ ਬੁਰੀ ਹਾਰ ਮਿਲਣਾ ਆਮ ਆਦਮੀ ਪਾਰਟੀ ਦੀ ਨਾਲਾਇਕੀਆਂ ਦੇ ਸਰਕਾਰ ਦੇ ਜਿੰਦਾ ਸਬੂਤ ਹਨ। ਇਹਨਾਂ ਦੀ ਸਤਾ ਦਾ ਅੰਤ ਆ ਚੁੱਕਾ ਹੈ। ਅੰਮ੍ਰਿਤਸਰ ਮੇਅਰ ਦੀ ਕੁਰਸੀ ਤੇ ਗੈਰ ਕਾਨੂੰਨੀ ਤਰੀਕੇ ਦੇ ਨਾਲ ਜਤਿੰਦਰ ਸਿੰਘ ਮੋਤੀ ਭਾਟੀਆ ਨੂੰ ਬਿਠਾਇਆ ਗਿਆ ਹੈ। ਉਹਨਾਂ ਨੇ ਕਿਹਾ ਕਿ ਸ਼ਹਿਰ ਦੇ ਲੋਕ ਰੋਜ਼ਾਨਾ ਦੀਆਂ ਸਹੂਲਤਾਂ ਨੂੰ ਨਾ ਪੂਰਾ ਹੋਣ ਕਰਕੇ ਬਹੁਤ ਦੁਖੀ ਹੋਏ ਪਏ ਹਨ। ਘਰਾਂ ਦੇ ਵਿੱਚ ਦੂਸ਼ਿਤ ਪਾਣੀ ਦੀ ਸਪਲਾਈ, ਸੀਵਰੇਜ ਪਾਈਪਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਨਾ ਹੋਣਾ, ਆਪਣੇ ਕੰਮਾਂ ਨੂੰ ਲੈ ਕੇ ਦਫਤਰਾਂ ਵਿੱਚ ਲੋਕਾਂ ਦਾ ਪਰੇਸ਼ਾਨ ਹੋਣਾ, ਵੱਧਦਾ ਨਸ਼ਾ ਤੇ ਕਰਾਈਮ ਨੂੰ ਲੈ ਕੇ ਲੋਕਾਂ ਦੇ ਨੱਕ ਵਿੱਚ ਦਮ ਆਇਆ ਹੋਇਆ ਹੈ। ਲੋਕਾਂ ਵੱਲੋਂ ਦਿੱਲੀ ਵਿੱਚ ਪੂਰੀ ਤਰ੍ਹਾਂ ਨਕਾਰ ਦੇਣ ਤੋਂ ਬਾਅਦ ਆਪ ਦੇ ਉੱਚ ਨੇਤਾ ਪੰਜਾਬ ਵੱਲ ਆਪਣਾ ਰੁੱਖ ਕਰ ਰਹੇ ਹਨ। ਪਰ ਪੰਜਾਬ ਦੀ ਜਨਤਾ ਉਹਨਾਂ ਨੂੰ ਕਦੇ ਵੀ ਮੂੰਹ ਨਹੀਂ ਲਗਾਏਗੀ। ਉਹਨਾਂ ਨੇ ਕਿਹਾ ਕਿ ਸ਼ਹਿਰ ਵਾਸੀਆਂ ਦੀ ਸਹੂਲਤਾਂ ਨੂੰ ਦੇਖਦੇ ਹੋਏ ਵਿਕਾਸ ਦੇ ਕੰਮ ਨਾ ਕਰਵਾਏ ਗਏ ਤਾਂ ਕਾਂਗਰਸ ਪਾਰਟੀ ਸੜਕਾਂ ਦੇ ਉੱਤਰ ਕੇ ਸੰਘਰਸ਼ ਕਰਨ ਲਈ ਮਜਬੂਰ ਹੋ ਜਾਵੇਗੀ। ਇਸ ਮੌਕੇ ਤੇ ਕੌਂਸਲਰ ਵਿਕਾਸ ਸੋਨੀ, ਨਰਿੰਦਰ ਸਿੰਘ ਤੁੰਗ,ਸਰਬਜੀਤ ਸਿੰਘ ਲਾਟੀ, ਤਾਹਿਰ ਸ਼ਾਹ,ਸੰਦੀਪ ਰਿੰਕਾ,ਸਤਨਾਮ ਸਿੰਘ,ਬੀਰੂ ਪ੍ਰਧਾਨ,ਰਜੀਵ ਛਾਬੜਾ,ਛਵੀ ਢਿੱਲੋਂ,ਕਸ਼ਮੀਰ ਸਿੰਘ,ਡਾਕਟਰ ਅਵਤਾਰ,ਅਸ਼ਵਨੀ ਕਾਲੇ ਸ਼ਾਹ, ਹਰਪਨ ਔਜਲਾ,ਮਿੱਠੂ ਮਦਾਨ,ਸੰਜੀਵ ਟਾਂਗਰੀ,ਸੋਨੂ ਦੱਤਾ,ਸਤੀਸ਼ ਬੱਲੂ ,ਰਛਪਾਲ ਸਿੰਘ ਤੋਂ ਇਲਾਵਾ ਹੋਰ ਕਈ ਕੌਂਸਲਰ ਜਾਂ ਕੌਂਸਲਰਾਂ ਦੇ ਪਰਿਵਾਰਿਕ ਮੈਂਬਰ ਮੌਜੂਦ ਸਨ। ਇਸ ਸਬੰਧੀ ਮੇਹਰ ਜਤਿੰਦਰ ਸਿੰਘ ਮੋਤੀ ਭਾਟੀਆ ਨਾਲ ਫੋਨ ਤੇ ਗੱਲ ਕਰਨੀ ਚਾਹੀ ਤਾਂ ਉਹਨਾਂ ਵੱਲੋਂ ਜਰੂਰੀ ਮੀਟਿੰਗ ਵਿੱਚ ਬੈਠੇ ਹੋਣ ਕਰਕੇ ਉਹਨਾਂ ਨਾਲ ਗੱਲ ਨਹੀਂ ਹੋ ਸਕੀ।

# ਨਗਰ ਨਿਗਮ ਫਗਵਾੜਾ ਨੇ ਇਕ ਨਵੀਂ ਜੇ.ਸੀ.ਬੀ. ਤੇ ਤਿੰਨ ਟਰੈਕਟਰ ਟਰਾਲੀਆਂ ਦਾ ਕੀਤਾ ਲੋਕ ਅਰਪਣ



ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ਵਿਚ ਨਵੀਂ ਕਾਰਪੋਰੇਸ਼ਨ ਦੇ ਗਠਨ ਤੋਂ ਬਾਅਦ ਹੁਣ ਸੂਬੇ ਦੀ ਭਗਵੰਤ ਮਾਨ ਸਰਕਾਰ ਵਲੋਂ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਦੀ ਅਗਵਾਈ ਹੇਠ ਵਿਕਾਸ ਕਾਰਜਾਂ ਨੂੰ ਤੇਜ ਰਫਤਾਰ ਨਾਲ ਨੇਪਰੇ ਚਾੜ੍ਹਨ ਦਾ ਕੰਮ ਜਿੱਥੇ ਸ਼ੁਰੂ ਹੋ ਗਿਆ ਹੈ, ਉੱਥੇ ਹੀ ਸ਼ਹਿਰ ਦੇ ਸੁੰਦਰੀ ਕਰਨ ਅਤੇ ਸਾਫ ਸੁਥਰੇ ਵਾਤਾਵਰਣ ਦੇ ਉਪਰਾਲੇ ਵੀ ਜੰਗੀ ਪੱਧਰ ਤੇ ਸ਼ੁਰੂ ਕਰ ਦਿੱਤੇ ਗਏ ਹਨ। ਇਸੇ ਲੜੀ ਤਹਿਤ ਨਗਰ ਨਿਗਮ ਦਫਤਰ ਫਗਵਾੜਾ ਤੋਂ 56 ਲੱਖ ਰੁਪਏ ਦੀ ਲਾਗਤ ਵਾਲੀ ਇਕ ਨਵੀਂ ਜੇਸੀਬੀ ਅਤੇ 3 ਨਵੇਂ ਟਰੈਕਟ ਟਰਾਲੀਆਂ ਨੂੰ ਨਿਗਮ ਕਮਿਸ਼ਨਰ ਨਵਨੀਤ ਕੌਰ ਬੱਲ, ਆਪ ਪਾਰਟੀ ਦੇ ਸੂਬਾ ਸਪੋਕਸ ਪਰਸਨ ਹਰਨੂਰ ਸਿੰਘ ਹਰਜੀ ਮਾਨ ਅਤੇ ਮੇਅਰ ਰਾਮ ਪਾਲ ਉੱਪਲ, ਵਲੋਂ ਸਾਂਝੇ ਤੌਰ ਤੇ ਲੋਕ ਅਰਪਣ ਕੀਤਾ ਗਿਆ। ਇਸ ਦੌਰਾਨ ਸੀਨੀਅਰ ਡਿਪਟੀ ਮੇਅਰ ਤੇਜ ਪਾਲ ਬਸਰਾ ਅਤੇ ਵਿਪਨ ਕ੍ਰਿਸ਼ਨ ਸੂਦ ਡਿਪਟੀ ਮੇਅਰ ਵੀ ਖਾਸ ਤੌਰ ਤੇ ਮੌਜੂਦ ਰਹੇ। ਹਰਜੀ ਮਾਨ ਨੇ ਕਿਹਾ ਕਿ ਫਗਵਾੜਾ ਸ਼ਹਿਰ ਉਹਨਾਂ ਲਈ ਆਪਣੇ ਘਰ ਦੀ ਤਰ੍ਹਾਂ ਹੈ। ਜਿਸ ਨੂੰ ਸਾਫ ਸੁਥਰਾ ਰੱਖਣਾ ਉਹਨਾਂ ਦੀ ਮੁਢਲੀ ਪ੍ਰਾਥਮਿਕਤਾ ਹੈ। ਉਹਨਾਂ ਸਮੂਹ ਸ਼ਹਿਰ ਵਾਸੀਆਂ ਨੂੰ ਵੀ ਸਵੱਛਤਾ ਬਣਾਈ ਰੱਖਣ ਵਿਚ ਸਹਿਯੋਗ ਦੀ ਪੁਰਜ਼ੋਰ ਅਪੀਲ ਕੀਤੀ। ਇਸ ਮੌਕੇ ਸੀਨੀਅਰ ਆਗੂ ਹਰਮੇਸ਼ ਪਾਠਕ, ਪਰਮਜੀਤ ਖੁਰਾਣਾ ਕੌਂਸਲਰ, ਜਸਦੇਵ ਪ੍ਰਿੰਸ ਕੌਂਸਲਰ, ਅੰਕੁਸ਼ ਉਹਰੀ ਕੌਂਸਲਰ, ਸੌਰਵ ਹਾਂਡਾ ਕੌਂਸਲਰ, ਰਵੀ ਸਿੱਧੂ ਕੌਂਸਲਰ, ਪ੍ਰਿਤਪਾਲ ਕੌਰ ਤੁੱਲੀ ਕੌਂਸਲਰ, ਸੁਖਦੇਵ ਸਿੰਘ ਕਾਕਾ ਕੌਂਸਲਰ, ਪਦਮਦੇਵ ਸੁਧੀਰ ਕੌਂਸਲਰ ਤੋਂ ਇਲਾਵਾ ਓਮ ਪ੍ਰਕਾਸ਼ ਬਿੱਟੂ, ਰਾਜਕੁਮਾਰ, ਰਾਜਨ ਸ਼ਰਮਾ, ਵਿਕਰਮ ਬਘਾਣੀਆ ਬਲਵਿੰਦਰ ਬਿੰਦਾ, ਸੀਮਾ ਰਾਣਾ, ਜੋਗਿੰਦਰ ਪਾਲ ਬੇਦੀ, ਮਦਨ ਲਾਲ, ਰਜੇਸ਼ ਕੌਂਲਸਰ, ਨਰੇਸ਼ ਸ਼ਰਮਾ, ਨਵਨੀਤ ਉੱਪਲ, ਚਮਨ ਲਾਲ, ਨਿਰਮਲ ਸਿੰਘ, ਸਰਬਜੀਤ ਚਾਚੋਕੀ, ਰਜਿੰਦਰ ਘੇੜਾ, ਸੋਨੂ ਪਹਿਲਵਾਨ, ਜਿੰਦਰ ਰਸੀਲਾ ਆਦਿ ਹਾਜਰ ਸਨ।

# ਭਾਜਪਾ-ਅਕਾਲੀ ਦਲ ਦਾ ਗਠਜੋੜ ਸਿਰਫ਼ ਇੱਕ ਅਫਵਾਹ- ਹਰਜੀਤ ਸਿੰਘ ਗਰੇਵਾਲ



ਫ਼ਗਵਾੜਾ (ਸੁਸ਼ੀਲ ਸ਼ਰਮਾ) ਭਾਜਪਾ ਦੇ ਕੌਮੀ ਕਾਰਜਕਾਰਨੀ ਮੈਂਬਰ ਅਤੇ ਸੀਨੀਅਰ ਆਗੂ ਹਰਜੀਤ ਸਿੰਘ ਗਰੇਵਾਲ ਨੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਧੀ ਦੇ ਵਿਆਹ ਵਿੱਚ ਸੀਨੀਅਰ ਭਾਜਪਾ ਆਗੂਆਂ ਦੀ ਸ਼ਮੂਲੀਅਤ ਬਾਰੇ ਭਾਜਪਾ-ਅਕਾਲੀ ਗਠਜੋੜ ਦੀਆਂ ਅਫਵਾਹਾਂ ਤੇ ਮੀਡੀਆ ਵੱਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਦਿੰਦੇ ਹੋਏ ਕਿਹਾ ਕਿ ਵਿਆਹਾਂ ਜਾਂ ਸਮਾਜਿਕ ਸਮਾਗਮਾਂ ਵਿੱਚ ਸ਼ਮੂਲੀਅਤ ਦੇ ਆਧਾਰ ਤੇ ਗਠਜੋੜ ਦੀ ਧਾਰਨਾ ਬਣਾਉਣਾ ਬਿਲਕੁਲ ਗਲਤ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਨਾਲ ਗੱਠਜੋੜ ਪਾਰਟੀ ਹਾਈਕਮਾਂਡ ਦੇ ਫੈਸਲੇ ਤੇ ਨਿਰਭਰ ਕਰਦਾ ਹੈ।

ਗਰੇਵਾਲ ਨੇ ਕਿਹਾ ਕਿ ਕੁਝ ਲੋਕ ਆਪਣੇ ਰਾਜਨੀਤਿਕ ਲਾਭ ਲਈ ਅਜਿਹੀਆਂ ਝੂਠੀਆਂ ਅਫਵਾਹਾਂ ਫੈਲਾਉਂਦੇ ਰਹਿੰਦੇ ਹਨ ਜਿਨ੍ਹਾਂ ਤੇ ਵਿਸ਼ਵਾਸ ਨਹੀਂ ਕਰਨਾ ਚਾਹੀਦਾ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਨੇ ਆਪਣੇ ਵਰਕਰਾਂ ਦੇ ਦਮ ਤੇ ਪੂਰੇ ਪੰਜਾਬ ਵਿੱਚ ਪਹਿਲਾਂ ਵਿਧਾਨ ਸਭਾ ਚੋਣਾਂ ਲੜੀਆਂ, ਫਿਰ ਲੋਕ ਸਭਾ ਚੋਣਾਂ, ਫਿਰ ਪੰਚਾਇਤ ਚੋਣਾਂ ਅਤੇ ਹੁਣ ਨਗਰ ਨਿਗਮ ਚੋਣਾਂ ਆਪਣੇ ਦਮ ਤੇ ਲੜੀਆਂ ਹਨ ਅਤੇ ਭਵਿੱਖ ਵਿੱਚ ਵੀ ਪਾਰਟੀ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਆਪਣੇ ਬਲ ਤੇ ਲੜੇਗੀ। ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਉਹ ਅਜਿਹੀਆਂ ਅਫਵਾਹਾਂ ਤੇ ਵਿਸ਼ਵਾਸ ਨਾ ਕਰਨ।

# ਜੀਬੀਐਸ ਇੱਕ ਗੰਭੀਰ ਨਿਊਰੋਲੌਜੀਕਲ ਵਿਕਾਰ ਹੈ; ਛੇਤੀ ਨਿਦਾਨ, ਸਮੇਂ ਸਿਰ ਇਲਾਜ ਮਹੱਤਵਪੂਰਨ: ਮਾਹਰ




ਚੰਡੀਗੜ੍ਹ: (ਲੋਕ ਬਾਣੀ) ਗੁਲੀਅਨ ਬੈਰੇ ਸਿੰਡਰੋਮ (ਜੀਬੀਐੱਸ) ਇੱਕ ਦੁਰਲੱਭ ਪਰ ਸੰਭਾਵੀ ਤੌਰ ਤੇ ਜਾਨਲੇਵਾ ਨਿਊਰੋਲੌਜੀਕਲ ਸਥਿਤੀ ਹੈ ਜੋ ਮਾਸਪੇਸ਼ੀਆਂ ਦੀ ਕਮਜ਼ੋਰੀ ਅਤੇ ਅਧਰੰਗ ਦਾ ਕਾਰਨ ਬਣ ਸਕਦੀ ਹੈ।

ਅਕਸਰ ਲਾਗ ਦੇ ਕਾਰਨ, ਜੀਬੀਐਸ ਉਦੋਂ ਵਾਪਰਦਾ ਹੈ ਜਦੋਂ ਸਰੀਰ ਦੀ ਇਮਿਊਨ ਸਿਸਟਮ ਗਲਤੀ ਨਾਲ ਪੈਰੀਫਿਰਲ ਨਸਾਂ ਤੇ ਹਮਲਾ ਕਰ ਦਿੰਦੀ ਹੈ, ਜਿਸ ਨਾਲ ਝਰਨਾਹਟ, ਕਮਜ਼ੋਰੀ, ਅਤੇ ਰੀਫਲੇਕਸ ਦੇ ਨੁਕਸਾਨ ਵਰਗੇ ਲੱਛਣ ਪੈਦਾ ਹੁੰਦੇ ਹਨ।

ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ, ਮੋਹਾਲੀ ਦੀ ਜੀਬੀਐਸ ਨੂੰ ਸਮਝਣ ਅਤੇ ਇਸ ਦੀਆਂ ਜ਼ਰੂਰੀ ਸਾਵਧਾਨੀਆਂ ਬਾਰੇ ਜਾਗਰੂਕਤਾ ਮੁਹਿੰਮ ਦੌਰਾਨ ਬੋਲਦੇ ਹੋਏ, ਮੈਕਸ ਦੇ ਨਿਊਰੋਲੋਜਿਸਟ ਡਾ. ਰਾਹੁਲ ਮਹਾਜਨ ਨੇ ਕਿਹਾ ਕਿ ਭਾਵੇਂ ਸਹੀ ਕਾਰਨ ਅਣਜਾਣ ਹੈ, ਸਮੇਂ ਸਿਰ ਜਾਂਚ ਅਤੇ ਸਮੇਂ ਸਿਰ ਡਾਕਟਰੀ ਇਲਾਜ ਨਤੀਜਿਆਂ ਵਿੱਚ ਮਹੱਤਵਪੂਰਨ ਸੁਧਾਰ ਕਰ ਸਕਦਾ ਹੈ।

ਡਾ ਮਹਾਜਨ ਨੇ ਅਗੇਤੀ ਚੇਤਾਵਨੀ ਦੇ ਸੰਕੇਤਾਂ ਨੂੰ ਪਛਾਣਨ ਦੀ ਮਹੱਤਤਾ ਤੇ ਜ਼ੋਰ ਦਿੱਤਾ।

ਜੀਬੀਐਸ ਆਮ ਤੌਰ ਤੇ ਮਾਸਪੇਸ਼ੀਆਂ ਦੀ ਕਮਜ਼ੋਰੀ ਦੀ ਤੇਜ਼ੀ ਨਾਲ ਸ਼ੁਰੂਆਤ ਦੁਆਰਾ ਦਰਸਾਈ ਜਾਂਦੀ ਹੈ ਜੋ ਹੇਠਲੇ ਅੰਗਾਂ ਤੋਂ ਉੱਪਰ ਵੱਲ ਵਧਦੀ ਹੈ। ਵਿਅਕਤੀਆਂ ਨੂੰ ਬੁਨਿਆਦੀ ਗਤੀਵਿਧੀਆਂ ਕਰਨ ਵਿੱਚ ਮੁਸ਼ਕਲ ਹੋ ਸਕਦੀ ਹੈ, ਜਿਵੇਂ ਕਿ ਖੜ੍ਹੇ, ਬੈਠਣਾ, ਜਾਂ ਛੋਟੀਆਂ ਵਸਤੂਆਂ ਨੂੰ ਫੜਨਾ।ਪ੍ਰਗਤੀਸ਼ੀਲ ਮਾਸਪੇਸ਼ੀ ਦੀ ਕਮਜ਼ੋਰੀ ਗਤੀਸ਼ੀਲਤਾ ਨੂੰ ਪ੍ਰਭਾਵਤ ਕਰ ਸਕਦੀ ਹੈ, ਸਧਾਰਨ ਕਾਰਜਾਂ ਨੂੰ ਚੁਣੌਤੀਪੂਰਨ ਬਣਾਉਂਦੀ ਹੈ। ਕੁਝ ਮਰੀਜ਼ਾਂ ਨੂੰ ਬਲੱਡ ਪ੍ਰੈਸ਼ਰ, ਬਲੈਡਰ ਨਿਯੰਤਰਣ ਅਤੇ ਪਾਚਨ ਨਾਲ ਸਮੱਸਿਆਵਾਂ ਦਾ ਅਨੁਭਵ ਹੋ ਸਕਦਾ ਹੈ।

ਜੀਬੀਐਸ ਅਚਾਨਕ ਵਿਕਸਤ ਹੋ ਸਕਦਾ ਹੈ, ਅਤੇ ਗੰਭੀਰ ਮਾਮਲਿਆਂ ਵਿੱਚ, ਇਹ ਸਾਹ ਲੈਣ ਵਿੱਚ ਮੁਸ਼ਕਲ ਜਾਂ ਸੰਪੂਰਨ ਅਧਰੰਗ ਦਾ ਕਾਰਨ ਬਣ ਸਕਦਾ ਹੈ। ਇਹ ਅਕਸਰ ਵਾਇਰਲ ਜਾਂ ਬੈਕਟੀਰੀਆ ਦੀਆਂ ਲਾਗਾਂ ਤੋਂ ਬਾਅਦ ਹੁੰਦਾ ਹੈ, ਜਿਵੇਂ ਕਿ ਸਾਹ ਜਾਂ ਗੈਸਟਰੋਇੰਟੇਸਟਾਈਨਲ ਬਿਮਾਰੀਆਂ।

ਬਹੁਤ ਸਾਰੇ ਮਾਮਲੇ ਇਨਫਲੂਐਂਜ਼ਾ, ਕੋਵਿਡ-19 ਜਾਂ ਕੈਮਪਾਈਲੋਬੈਕਟਰ ਬੈਕਟੀਰੀਆ ਦੇ ਕਾਰਨ ਭੋਜਨ ਦੇ ਜ਼ਹਿਰ ਵਰਗੀਆਂ ਲਾਗਾਂ ਤੋਂ ਬਾਅਦ ਹੁੰਦੇ ਹਨ। ਹਾਲਾਂਕਿ ਜੀਬੀਐਸ ਛੂਤਕਾਰੀ ਨਹੀਂ ਹੈ, ਇਸਦੇ ਸੰਭਾਵੀ ਟਰਿਗਰਾਂ ਨੂੰ ਸਮਝਣਾ ਸ਼ੁਰੂਆਤੀ ਪਛਾਣ ਅਤੇ ਪ੍ਰਬੰਧਨ ਵਿੱਚ ਮਦਦ ਕਰ ਸਕਦਾ ਹੈ।

ਡਾ ਮਹਾਜਨ ਨੇ ਦੱਸਿਆ ਕਿ ਸਥਿਤੀ ਦੀ ਗੰਭੀਰਤਾ ਦੇ ਬਾਵਜੂਦ, ਇਲਾਜ ਦੇ ਵਿਕਲਪ ਜਿਵੇਂ ਕਿ ਨਾੜੀ ਇਮਯੂਨੋਗਲੋਬੂਲਿਨ (ਆਈਵੀਆਈਜੀ) ਥੈਰੇਪੀ ਅਤੇ ਪਲਾਜ਼ਮਾਫੇਰੇਸਿਸ ਲੱਛਣਾਂ ਨੂੰ ਘਟਾਉਣ ਅਤੇ ਰਿਕਵਰੀ ਨੂੰ ਤੇਜ਼ ਕਰਨ ਵਿੱਚ ਪ੍ਰਭਾਵਸ਼ਾਲੀ ਸਾਬਤ ਹੋਏ ਹਨ।ਉਚਿਤ ਡਾਕਟਰੀ ਦੇਖਭਾਲ ਦੇ ਨਾਲ, ਜ਼ਿਆਦਾਤਰ ਮਰੀਜ਼ ਮਹੀਨਿਆਂ ਤੋਂ ਇੱਕ ਸਾਲ ਦੇ ਅੰਦਰ ਕਾਫ਼ੀ ਠੀਕ ਹੋ ਜਾਂਦੇ ਹਨ। ਹਾਲਾਂਕਿ, ਗੰਭੀਰ ਪੇਚੀਦਗੀਆਂ ਨੂੰ ਰੋਕਣ ਲਈ ਸ਼ੁਰੂਆਤੀ ਦਖਲ ਮਹੱਤਵਪੂਰਨ ਹੈ।

ਕਿਉਂਕਿ ਜੀਬੀਐਸ ਗੰਭੀਰ ਪੇਚੀਦਗੀਆਂ ਪੈਦਾ ਕਰ ਸਕਦਾ ਹੈ, ਇਸ ਲਈ ਇਸਦੇ ਲੱਛਣਾਂ ਨੂੰ ਜਲਦੀ ਪਛਾਣਨਾ ਅਤੇ ਇਸ ਨੂੰ ਸਮਾਨ ਸਥਿਤੀਆਂ ਤੋਂ ਵੱਖ ਕਰਨਾ ਮਹੱਤਵਪੂਰਨ ਹੈ।

ਡਾ ਮਹਾਜਨ ਨੇ ਕਿਹਾ ਕਿ ਛੇਤੀ ਨਿਦਾਨ ਅਤੇ ਡਾਕਟਰੀ ਦਖਲਅੰਦਾਜ਼ੀ ਮਰੀਜ਼ ਦੇ ਨਤੀਜਿਆਂ ਵਿੱਚ ਮਹੱਤਵਪੂਰਨ ਸੁਧਾਰ ਕਰ ਸਕਦੀ ਹੈ ਅਤੇ ਲੰਬੇ ਸਮੇਂ ਦੀ ਅਪੰਗਤਾ ਨੂੰ ਰੋਕ ਸਕਦੀ ਹੈ। ਇਸ ਦੁਰਲੱਭ ਪਰ ਗੰਭੀਰ ਨਿਊਰੋਲੌਜੀਕਲ ਵਿਕਾਰ ਦੇ ਪ੍ਰਬੰਧਨ ਵਿੱਚ ਜਾਗਰੂਕਤਾ ਅਤੇ ਸਮੇਂ ਸਿਰ ਇਲਾਜ ਮਹੱਤਵਪੂਰਨ

# ਐੱਮ.ਐੱਲ.ਏ.ਡਾ.ਜਸਬੀਰ ਸਿੰਘ ਸੰਧੂ ਅਤੇ ਮੇਅਰ ਜਤਿੰਦਰ ਸਿੰਘ ਮੋਤੀ ਭਾਟੀਆ ਵਿਚਾਲੇ ਸ਼ਹਿਰ ਦੇ ਵਿਕਾਸ ਕੰਮਾਂ ਨੂੰ ਲੈ ਕੇ ਹੋਈ ਇਕ ਅਹਿਮ ਬੈਠਕ।



ਅੰਮ੍ਰਿਤਸਰ (ਲੋਕ ਬਾਣੀ) ਨੂੰ ਐੱਮ. ਐੱਲ.ਏ. ਹਲਕਾ ਪੱਛਮੀ ਡਾ. ਜਸਬੀਰ ਸਿੰਘ ਸੰਧੂ ਦਾ ਨਗਰ ਨਿਗਮ,ਅੰਮ੍ਰਿਤਸਰ ਵਿਖੇ ਆਉਣ ਤੇ ਮੇਅਰ ਜਤਿੰਦਰ ਸਿੰਘ ਮੋਤੀ ਭਾਟੀਆ ਵੱਲੋ ਗੁਲਦਸਤਾ ਦੇ ਕੇ ਨਿਘਾ ਸੁਆਗਤ ਕੀਤਾ ਗਿਆ ਇਸ ਮੌਕੇ ਤੇ ਐੱਮ. ਐੱਲ.ਏ. ਸਾਹਿਬ ਨਾਲ ਵਾਰਡ ਨੰ. 70 ਦੇ ਕੌਂਸਲਰ ਵਿਜੈ, ਵਾਰਡ ਨੰ. 2 ਦੇ ਅਮਰਜੀਤ, ਵਾਰਡ ਨੰ. 82 ਦੇ ਸੰਦੀਪ ਸਿੰਘ ਤੋ ਇਲਾਵਾਂ ਕਮਲ ਬੋਰੀ, ਪ੍ਰਭ,ਪ੍ਰਵੀਨ,ਸਮਸ਼ੇਰ ਸਿੰਘ ਆਦਿ ਵੀ ਹਾਜਰ ਸਨ।

ਐੱਮ. ਐੱਲ.ਏ. ਡਾ. ਜਸਬੀਰ ਸਿੰਘ ਸੰਧੂ ਅਤੇ ਮੇਅਰ ਜਤਿੰਦਰ ਸਿੰਘ ਮੋਤੀ ਭਾਟੀਆ ਵਿਚਾਲੇ ਸ਼ਹਿਰ ਦੇ ਵਿਕਾਸ ਕੰਮਾਂ ਨੂੰ ਲੈ ਕੇ ਇਕ ਅਹਿਮ ਬੈਠਕ ਹੋਈ ਇਸ ਬੈਠਕ ਵਿਚ ਸ਼ਹਿਰ ਦੇ ਵੱਖ-ਵੱਖ ਵਾਰਡਾ ਵਿਚ ਹੋਣ ਵਾਲੇ ਵਿਕਾਸ ਕੰਮਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ ਇਸ ਮੌਕੇ ਤੇ ਮੇਅਰ ਮੋਤੀ ਭਾਟੀਆ ਨੇ ਦੱਸਿਆ ਕਿ ਸ਼ਹਿਰ ਦੇ ਹਰ ਵਾਰਡ ਵਿਚ ਵਿਕਾਸ ਦੇ ਕੰਮ ਬਿਨਾ ਕਿਸੇ ਵਿਤਕਰੇ ਦੇ ਕੀਤੇ ਜਾਣਗੇ ਜਿਸ ਲਈ ਫੰਡਾ ਦੀ ਕੋਈ ਕਮੀ ਨਹੀ ਆਉਣ ਦਿੱਤੀ ਜਾਵੇਗੀ ।

ਮੇਅਰ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹਨਾਂ ਦਾ ਇਕੋ ਮੰਤਵ ਹੈ ਕਿ ਸ਼ਹਿਰ ਵਾਸੀਆਂ ਨੂੰ ਹਰ ਮੂਲ-ਭੂਤ ਸੇਵਾ ਮੁਹੱਇਆ ਕਰਵਾਈ ਜਾ ਸਕੇ ਜਿਸ ਵਿਚ ਉਹਨਾਂ ਸ਼ਹਿਰ ਵਾਸੀਆਂ ਵੱਲੋ ਨਗਰ ਨਿਗਮ ਨੂੰ ਆਪਣਾ ਸਹਯੋਗ ਦੇਣ ਦੀ ਅਪੀਲ ਕੀਤੀ।

# ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ ਪੰਜਾਬ ਦੇ ਬਲਾਕ ਬਰਨਾਲਾ ਦੀ ਮਹੀਨਾਵਾਰ ਮੀਟਿੰਗ ਸ.ਫਲਤਾ ਪੂਰਵਕ ਸੰਪੰਨ



ਮਹਿਲ ਕਲਾਂ/ਬਰਨਾਲਾ (ਲੋਕ ਬਾਣੀ) ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ (ਰਜਿ: 295) ਦੇ ਬਲਾਕ ਬਰਨਾਲਾ ਦੀ ਬਹੁਤ ਹੀ ਅਹਿਮ ਮੀਟਿੰਗ ਬਲਾਕ ਪ੍ਰਧਾਨ ਡਾਕਟਰ ਹਾਕਮ ਸਿੰਘ ਦੀ ਪ੍ਰਧਾਨਗੀ ਹੇਠ ਤਰਕਸ਼ੀਲ ਚੌਂਕ ਵਿਕਟੋਰੀਆ ਹਸਪਤਾਲ ਵਿਖੇ ਹੋਈ। ਮੀਟਿੰਗ ਦੇ ਸ਼ੁਰੂ ਵਿੱਚ ਡਾਕਟਰ ਗੁਰਪ੍ਰੀਤ ਕੌਰ ਦੇ ਪਿਤਾ ਮਿੱਠੂ ਸਿੰਘ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਅਰਪਣ ਕੀਤੀ ਗਈ। ਇਸ ਮੀਟਿੰਗ ਵਿੱਚ ਬਹੁਤ ਹੀ ਅਹਿਮ ਫ਼ੈਸਲੇ ਲਏ ਗਏ, ਭਵਿੱਖ ਦੀਆਂ ਯੋਜਨਾਵਾਂ ਨੂੰ ਲੈ ਕੇ ਇੱਕ ਲੰਮੀ ਵਿਚਾਰ ਚਰਚਾ ਹੋਈ ਅਤੇ ਜਥੇਬੰਦੀ ਵੱਲੋਂ ਲਾਗੂ ਕੀਤੇ ਗਏ ਡਿਜੀਟਲ ਸਿਸਟਮ ਦੀ ਭਰਪੂਰ ਸਲਾਘਾ ਕੀਤੀ ਗਈ। ਜਿਸ ਵਿੱਚ ਡਾਕਟਰ ਪਰਮੇਸ਼ਰ ਸਿੰਘ ਮੌਰਿਆ ਸਟੇਟ ਆਗੂ, ਅਤੇ ਵੱਖ-ਵੱਖ ਅਹੁਦੇਦਾਰਾਂ ਅਤੇ ਬੁਲਾਰਿਆਂ ਨੇ ਆਪਣੇ ਆਪਣੇ ਵਿਚਾਰ ਰੱਖੇ, ਜਿਸ ਵਿੱਚ ਡਾਕਟਰ ਰਮੇਸ਼ ਕੁਮਾਰ ਧਨੌਲਾ ਸਰਪ੍ਰਸਤ ਬਲਾਕ ਬਰਨਾਲਾ, ਡਾਕਟਰ ਬਾਬੂਰਾਮ ਧਨੌਲਾ ਸਰਪ੍ਰਸਤ ਬਲਾਕ ਬਰਨਾਲਾ, ਡਾਕਟਰ ਕੇਵਲ ਕ੍ਰਿਸ਼ਨ ਭੈਣੀ ਜੱਸਾ ਚੇਅਰਮੈਨ ਬਲਾਕ ਬਰਨਾਲਾ, ਡਾਕਟਰ ਹਾਕਮ ਸਿੰਘ ਕਾਲੇ ਕੇ ਪ੍ਰਧਾਨ ਬਲਾਕ ਬਰਨਾਲਾ, ਡਾਕਟਰ ਸ਼ਿਵਦੀਪ ਸਿੰਘ ਜੀ ਸਦਿਓੜਾ ਵਾਈਸ ਪ੍ਰੈਜੀਡੈਂਟ ਬਲਾਕ ਬਰਨਾਲਾ, ਡਾਕਟਰ ਗਗਨਦੀਪ ਸ਼ਰਮਾ ਜਨਰਲ ਸੈਕਟਰੀ ਬਲਾਕ ਬਰਨਾਲਾ, ਡਾਕਟਰ ਗੁਰਪ੍ਰੀਤ ਕੌਰ ਧਨੌਲਾ ਪ੍ਰੈਸ ਸੈਕਟਰੀ ਬਲਾਕ ਬਰਨਾਲਾ, ਡਾਕਟਰ ਸੁਬੇਗ ਮੁਹੰਮਦ ਰੂੜੇ ਕੇ ਕਲਾ ਬਲਾਕ ਕੈਸ਼ੀਅਰ ਬਰਨਾਲਾ, ਡਾਕਟਰ ਗਿਆਨ ਸਿੰਘ ਕੱਟੂ ਸਹਾਇਕ ਕੈਸ਼ੀਅਰ ਬਲਾਕ ਬਰਨਾਲਾ, ਡਾਕਟਰ ਦੀਪ ਸਿੰਘ ਹੰਡਿਆਇਆ ਜੋਇੰਟ ਸੈਕਟਰੀ ਬਲਾਕ ਬਰਨਾਲਾ, ਡਾਕਟਰ ਬਸੰਤ ਸਿੰਘ ਫਤਿਹਗੜ੍ਹ ਛੰਨਾ ਐਗਜੀਕਿਊਟਿਵ ਮੈਂਬਰ ਬਲਾਕ ਬਰਨਾਲਾ, ਡਾਕਟਰ ਬਸ਼ੀਰ ਮੁਹੰਮਦ ਰੂੜੇਕੇ ਕਲਾਂ, ਡਾਕਟਰ ਕਰਮਜੀਤ ਸਿੰਘ ਚਹਿਲ ਬਰਨਾਲਾ ਆਦਿ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਅਤੇ ਇਹਨਾਂ ਡਾਕਟਰ ਸਾਥੀਆਂ ਨੇ ਆਪਣੇ ਬੇਸ਼ਕੀਮਤੀ ਵਿਚਾਰ ਪੇਸ਼ ਕੀਤੇ। ਇਹਨਾਂ ਤੋਂ ਇਲਾਵਾ ਹੋਰ ਵੀ ਨਵੇਂ ਡਾਕਟਰ ਸਾਥੀਆਂ ਨੇ ਬਲਾਕ ਬਰਨਾਲਾ ਦੇ ਵਿੱਚ ਐਂਟਰੀ ਕੀਤੀ।

ਜਿਨਾਂ ਦੇ ਨਾਮ, ਡਾਕਟਰ ਮਲੂਕ ਧਨੌਲਾ, ਡਾਕਟਰ ਮਿਥਨ ਧਨੌਲਾ, ਡਾਕਟਰ ਸਰਬਜੀਤ ਸਿੰਘ ਕਾਲੇਕੇ, ਡਾਕਟਰ ਪ੍ਰਗਟ ਸਿੰਘ ਉਪਲੀ, ਡਾਕਟਰ ਲਛਮਣ ਸਿੰਘ ਰਾਜਗੜ੍ਹ, ਡਾਕਟਰ ਅਸ਼ਵਨੀ ਕੁਮਾਰ ਵਾਲੀਆ, ਡਾਕਟਰ ਗਗਨਦੀਪ ਸ਼ਰਮਾ ਕਾਨੇ ਕੇ, ਡਾਕਟਰ ਉਮਰਦੀਨ ਰੂੜੇਕੇ ਕਲਾਂ, ਡਾਕਟਰ ਪੀਐਸ ਭੰਗਾਣੀਆਂ ਬਰਨਾਲਾ, ਡਾਕਟਰ ਕ੍ਰਿਸ਼ਨ ਕੁਮਾਰ ਧਨੌਲਾ, ਡਾਕਟਰ ਅਰਸ਼ਦ ਸੰਘੇੜਾ,ਆਦਿ ਡਾਕਟਰ ਸਾਥੀ ਸਾਮਿਲ ਹੋਏ।ਬਲਾਕ ਬਰਨਾਲਾ ਦੇ ਪ੍ਰੈਸ ਸੈਕਟਰੀ ਡਾਕਟਰ ਗੁਰਪ੍ਰੀਤ ਕੌਰ ਧਨੌਲਾ ਉਹਨਾਂ ਦੇ ਸਤਿਕਾਰਯੋਗ ਪਿਤਾ ਜੀ ਸਰਦਾਰ ਮਿੱਠੂ ਸਿੰਘ ਜੀ ਦੇ ਭੋਗ ਤੇ 21 ਫਰਵਰੀ 2025 ਦਿਨ ਸ਼ੁਕਰਵਾਰ ਨੂੰ ਵੱਖ-ਵੱਖ ਡਾਕਟਰ ਸਾਥੀਆਂ ਦੀਆਂ ਵੱਖ-ਵੱਖ ਸੇਵਾ ਦੇ ਲਈ ਡਿਊਟੀਆਂ ਲਗਾਈਆਂ ਗਈਆਂ।

# ਜਿਲ੍ਹਾ ਪ੍ਰਸ਼ਾਸਨ ਨੇ ਆਈਲੈਟਸ ਸੈਂਟਰ ਅਤੇ ਕੰਸਲਟੈਂਸੀ ਚਲਾਉਣ ਵਾਲੇ ਦਾ ਲਾਇਸੰਸ ਕੀਤਾ ਰੱਦ



ਅੰਮ੍ਰਿਤਸਰ(ਲੋਕ ਬਾਣੀ)
ਵਧੀਕ ਜਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਸ੍ਰੀਮਤੀ ਜੋਤੀ ਬਾਲਾ ਨੇ ਪੰਜਾਬ ਸਰਕਾਰ ਵਲੋਂ ਲਾਗੂ ਕੀਤੇ ਗਏ ਹਿਊਮਨ ਸਮਗਲਿੰਗ ਐਕਟ 2012 ਅਤੇ ਪੰਜਾਬ ਟ੍ਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ ਤਹਿਤ ਲਾਇਸੰਸੀ ਹੋਲਡਰ ਦਾ ਕੋਚਿੰਗ ਇੰਸਟੀਚਿਊਟਸ ਆਫ ਆਈਲੈਟਸ ਅਤੇ ਕੰਸਲਟੈਂਸੀ ਚਲਾਉਣ ਦਾ ਲਾਇਸੰਸ ਰੱਦ ਕੀਤਾ ਹੈ।

ਵਧੀਕ ਜਿਲ੍ਹਾ ਮੈਜਿਸਟਰੇਟ ਨੇ ਦੱਸਿਆ ਹੈ ਕਿ ਇਸ ਏਜੰਸੀ ਵਲੋਂ ਇਸ ਦਫ਼ਤਰ ਨੂੰ ਲਾਇਸੰਸ ਰੀਨਿਊ ਕਰਵਾਉਣ ਸਬੰਧੀ ਕੋਈ ਪ੍ਰਤੀ ਬੇਨਤੀ ਨਹੀਂ ਕੀਤੀ ਗਈ ਅਤੇ ਇਸ ਅਧਾਰ ਤੇ ਇਸ ਦਾ ਲਾਇਸੰਸ ਰੱਦ ਕੀਤਾ ਗਿਆ ਹੈ।

ਵਧੀਕ ਜਿਲ੍ਹਾ ਮੈਜਿਸਟਰੇਟ ਸ੍ਰੀਮਤੀ ਜੋਤੀ ਬਾਲਾ ਨੇ ਪੰਜਾਬ ਪੰਜਾਬ ਟ੍ਰੈਵਲ ਪ੍ਰੋਫੈਸ਼ਨਲ ਐਕਟ ਰੈਗੂਲੇਸ਼ਨ ਐਕਟ 2012 ਦੀ ਧਾਰਾ 6(1) (ਈ) ਦੇ ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਮੈ: ਜੇ:ਜੇ:ਕੰਸਲਟੈਂਟ 48/5 ਹਾਈਡ ਮਾਰਕੀਟ ਹੁਸੈਨਪੁਰਾ ਚੌਂਕ ਅੰਮ੍ਰਿਤਸਰ ਪੰਜਾਬ ਦਾ ਲਾਇਸੰਸ ਤੁਰੰਤ ਪ੍ਰਭਾਵ ਨਾਲ ਰੱਦ ਕੀਤਾ ਜਾਂਦਾ ਹੈ।

ਉਨਾਂ ਦੱਸਿਆ ਕਿ ਇਸ ਤੋਂ ਇਲਾਵਾ ਜੇਕਰ ਕੋਈ ਐਕਟ /ਰੂਲਜ਼ ਮੁਤਾਬਿਕ ਕਿਸੇ ਵੀ ਕਿਸਮ ਦੀ ਉਕਤ ਲਾਇਸੰਸੀ ਜਾਂ ਉਸਦੀ ਫਰਮ ਵਿਰੁੱਧ ਸ਼ਿਕਾਇਤ ਪ੍ਰਾਪਤ ਹੁੰਦੀ ਹੈ ਤਾਂ ਉਕਤ ਲਾਇਸੰਸ ਹੋਲਡਰ/ਫਰਮ ਦੀ ਮਾਲਕ / ਪ੍ਰੋਪਰਾਈਟਰ ਹਰ ਪੱਖੋਂ ਜਿੰਮੇਵਾਰੀ ਹੋਵੇਗੀ ਅਤੇ ਇਸਦੀ ਭਰਪਾਈ ਵੀ ਉਕਤ ਲਇਸੰਸੀ ਵਲੋਂ ਕੀਤੀ ਜਾਵੇਗੀ।

# ਪਿੰਡ ਮੂੰਮ ਦੀ ਧੀ ਸਿਮਰਨਜੀਤ ਕੌਰ ਨੂੰ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਨੇ ਦਿਵਾਇਆ ਇਨਸਾ.ਫ-ਨਾਨਕ ਸਿੰਘ ਅਮਲਾ ਸਿੰਘ ਵਾਲਾ

ਮਹਿਲਕਲਾਂ (ਲੋਕ ਬਾਣੀ)ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਨੇ ਮਹਿਲਕਲਾਂ ਨੇੜਲੇ ਪਿੰਡ ਦੀ ਧੀ ਸਿਮਰਨਜੀਤ ਕੌਰ ਪੁੱਤਰੀ ਹਰਜਿੰਦਰ ਸਿੰਘ ਨੂੰ ਏਜੰਟਾਂ ਵੱਲੋਂ ਮਾਰੀ ਗਈ 21 ਲੱਖ ਦੀ ਠੱਗੀ ਤੋਂ ਜਥੇਬੰਦਕ ਸੰਘਰਸ਼ ਰਾਹੀਂ ਇਨਸਾਫ਼ ਦਿਵਾਉਣ ਵਿੱਚ ਸਫਲਤਾ ਹਾਸਲ ਕੀਤੀ। ਅੱਜ ਸਿਮਰਨਜੀਤ ਕੌਰ ਦੇ ਪਿਤਾ ਹਰਜਿੰਦਰ ਸਿੰਘ ਨੇ ਜਥੇਬੰਦੀ ਨੂੰ ਆਪਣੇ ਘਰ ਬੁਲਾਕੇ ਤਹਿ ਦਿਲੋਂ ਧੰਨਵਾਦ ਕਰਦਿਆਂ ਜਥੇਬੰਦੀ ਨੂੰ ਜਥੇਬੰਦਕ ਕਾਰਜਾਂ ਲਈ 5000 ਰੁਪਏ ਦੀ ਸਹਿਯੋਗ ਰਾਸ਼ੀ ਭੇਂਟ ਕੀਤੀ। ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਆਗੂਆਂ ਜਗਰਾਜ ਸਿੰਘ ਹਰਦਾਸਪੁਰਾ, ਨਾਨਕ ਸਿੰਘ ਅਮਲਾ ਸਿੰਘ ਵਾਲਾ, ਸਤਨਾਮ ਸਿੰਘ ਮੂੰਮ, ਭਿੰਦਰ ਸਿੰਘ ਮੂੰਮ ਨੇ ਟਰੈਵਲ ਏਜੰਟਾਂ ਦੀ ਠੱਗੀ ਦਾ ਸ਼ਿਕਾਰ ਹੋਏ ਪ੍ਰੀਵਾਰ ਦੀ ਕਹਾਣੀ ਸਾਂਝੀ ਕਰਦਿਆਂ ਕਿਹਾ ਕਿ ਸਕੌਲਰ ਬਿਸਟਨੀ ਲੁਧਿਆਣਾ ਨਾਂ ਦੀ ਟਰੈਵਲ ਏਜੰਸੀ ਨੇ ਸਿਮਰਨਜੀਤ ਕੌਰ ਨੂੰ ਫ਼ਿਨਲੈਂਡ ਭੇਜਣ ਦੇ ਬਦਲੇ 21 ਲੱਖ ਰੁਪਏ ਹਾਸਲ ਕੀਤੇ। ਸਿਮਰਨਜੀਤ ਕੌਰ ਜਦੋਂ ਫ਼ਿਨਲੈਂਡ ਪਹੁੰਚੀ ਤਾਂ ਉੱਥੇ ਇੱਕ ਧੰਦੇ ਤੋਂ ਸਿਵਾਏ ਕਾਲਜ ਨਾਂ ਦੀ ਕੋਈ ਚੀਜ਼ ਹੀ ਨਹੀਂ ਸੀ। ਮਜ਼ਬੂਰੀ ਵੱਸ ਸਿਮਰਨਜੀਤ ਕੌਰ ਨੇ ਵਾਪਸ ਮੁੜਨ ਦਾ ਫੈਸਲਾ ਕੀਤਾ। ਪ੍ਰੀਵਾਰ ਨੇ ਏਜੰਟ ਵੱਲੋਂ ਕੀਤੀ ਧੋਖਾਧੜੀ ਸਬੰਧੀ ਕਈ ਵਾਰ ਗੱਲ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਲਟਾ ਚੋਰ ਕੋਤਵਾਲ ਕੋ ਡਾਂਟੇ ਦੀ ਕਹਾਵਤ ਅਨੁਸਾਰ ਪ੍ਰੀਵਾਰ ਨੂੰ ਆਪਣੀ ਸਿਆਸੀ ਪਹੁੰਚ



ਦਾ ਹਵਾਲਾ ਧਮਕੀਆਂ ਦੇਣੀਆਂ ਸ਼ੁਰੂ ਕਰ ਦਿੱਤੀਆਂ। ਅਖੀਰ ਪ੍ਰੀਵਾਰ ਨੂੰ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਆਗੂਆਂ ਨਾਲ ਸੰਪਰਕ ਕਰਨ ਲਈ ਮਜ਼ਬੂਰ ਹੋਣਾ ਪਿਆ। ਇਸ ਸਾਰੇ ਅਮਲ ਬਾਰੇ ਸੀਮਤ ਸਮੇਂ ਵਿੱਚ ਪ੍ਰੀਵਾਰ ਨਾਲ ਵਿਚਾਰ ਸਾਂਝੇ ਕਰਦਿਆਂ ਆਗੂਆਂ ਕਿਹਾ ਕਿ ਸਮਾਜ ਵਿੱਚ ਕੇਂਦਰੀ ਅਤੇ ਸੂਬਾਈ ਸਰਕਾਰਾਂ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਲੋਕ ਵਿਰੋਧੀ ਨੀਤੀਆਂ ਕਾਰਨ ਬੇਰੁਜ਼ਗਾਰੀ ਸਾਰੇ ਹੱਦਾਂ ਬੰਨ੍ਹੇ ਪਾਰ ਕਰ ਗਈ ਹੈ। ਨੌਜਵਾਨ ਚੰਗੇ ਭਵਿੱਖ ਦੀ ਤਲਾਸ਼ ਵਿੱਚ ਬਦੇਸ਼ਾਂ ਵਿੱਚ ਜਾਣ ਲਈ ਮਜਬੂਰ ਹਨ। ਸਿਤਮ ਇਹ ਹੈ ਕਿ ਬੇਰੁਜ਼ਗਾਰੀ ਦੇ ਇਸ ਆਲਮ ਦਾ ਫਾਇਦਾ ਉਠਾ ਕੇ ਵੱਡੀ ਗਿਣਤੀ ਵਿੱਚ ਟਰੈਵਲ ਏਜੰਟ ਨੌਜਵਾਨਾਂ ਨਾਲ ਲੱਖਾਂ ਰੁਪਏ ਦੀ ਠੱਗੀਆਂ ਮਾਰ ਰਹੇ ਹਨ। ਇਨ੍ਹਾਂ ਧੋਖੇਬਾਜ਼ ਟਰੈਵਲ ਏਜੰਟਾਂ ਨੂੰ ਸਿਆਸੀ ਸਰਪ੍ਰਸਤੀ ਹਾਸਲ ਹੈ। ਟਰੈਵਲ ਏਜੰਟਾਂ ਦੀ ਧੋਖਾਦੇਹੀ ਦਾ ਸ਼ਿਕਾਰ ਹੋਏ, ਪ੍ਰੀਵਾਰਾਂ ਨੂੰ ਕੋਈ ਇਨਸਾਫ ਨਾ ਮਿਲਦਾ ਵੇਖ ਲੋਕ ਜਥੇਬੰਦੀਆਂ ਦਾ ਸਹਾਰਾ ਲੈਂਦੇ ਹਨ। ਇਸ ਸਮੇਂ ਪ੍ਰੀਵਾਰਿਕ ਮੈਂਬਰਾਂ ਨਿਰਮਲ ਸਿੰਘ, ਹਰਜਿੰਦਰ ਸਿੰਘ ਅਤੇ ਅਭੀਜੀਤ ਕੌਰ ਦੀ ਛੋਟੀ ਭੈਣ ਹਰਦੀਪ ਕੌਰ ਵੀ ਹਾਜ਼ਰ ਸਨ। ਜਥੇਬੰਦੀ ਦੇ ਇਸ ਤਰ੍ਹਾਂ ਬੇਇਨਸਾਫ਼ੀ ਵਿਰੁੱਧ ਜੂਝਣ ਦੀ ਭਾਵਨਾ ਤੋਂ ਪ੍ਰਭਾਵਿਤ ਹੁੰਦਿਆਂ +2 ਵਿੱਚ ਪੜ੍ਹਦੀ ਸਿਮਰਨਜੀਤ ਕੌਰ ਦੀ ਛੋਟੀ ਭੈਣ ਅਭੀਜੀਤ ਕੌਰ ਨੇ ਜਥੇਬੰਦੀ ਵਿੱਚ ਸਰਗਰਮੀ ਨਾਲ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ। ਆਗੂਆਂ ਨੇ ਜਥੇਬੰਦੀ ਦੇ 22-23 ਫਰਬਰੀ ਨੂੰ ਮਸਤੂਆਣਾ ਸਾਹਿਬ ਵਿਖੇ ਹੋ ਰਹੇ ਸੂਬਾ ਜਥੇਬੰਦਕ ਇਜਲਾਸ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਕਿਸਾਨ ਮਰਦ ਔਰਤਾਂ ਨੂੰ ਸ਼ਾਮਿਲ ਹੋਣ ਦੀ ਅਪੀਲ ਕੀਤੀ।

# ਓਮੇਗਾ ਟਿਊਟੋਰਿਯਲ ਵੱਲੋਂ ਮਨਾਇਆ ਗਿਆ ਸਿਲਵਰ ਜ਼ੁਬਲੀ ਡੇ



ਮਾਲੇਰਕੋਟਲਾ,(ਲੋਕ ਬਾਣੀ) ਸਾਇੰਸ ਅਤੇ ਗਣਿਤ ਦੀ ਕੋਚਿੰਗ ਲਈ ਜਾਣੇ ਜਾਂਦੇ ਨਾਮਵਰ ਇੰਸਟੀਚਿਊਟ ਓਮੇਗਾ ਟਿਊਟੋਰਿਯਲ ਵੱਲੋਂ 25 ਵੀ ਵਰੇਗੰਡ ਮਨਾਈ ਗਈ। ਇਸ ਮੌਕੇ ਸਥਾਨਕ ਉਰਦੂ ਅਕੈਡਮੀ ਦੇ ਆਡੀਟੋਰੀਅਮ ਵਿਖੇ ਇੱਕ ਇੱਕ ਅਵਾਰਡ ਫੰਕਸ਼ਨ ਕਰਵਾਇਆ ਗਿਆ। ਜਿਸ ਵਿੱਚ ਇਲਾਕੇ ਦੇ ਐਮਐਲਏ ਜਮੀਲ ਉਰ ਰਹਿਮਾਨ ਮੁੱਖ ਮਹਿਮਾਨ ਵਜੋਂ, ਸ੍ਰੀ ਮੁਹੰਮਦ ਜਾਵੇਦ (ਪੰਜਾਬ ਐਗਰੀਕਲਚਰ ਯੂਨੀਵਰਸਿਟੀ) ਅਤੇ ਸ਼੍ਰੀ ਓਂਕਾਰ ਸਿੰਘ ਵੜੈਚ (ਪੰਜਾਬੀ ਯੂਨੀਵਰਸਿਟੀ ਪਟਿਆਲਾ) ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਅੱਠਵੀਂ ਤੋਂ ਬਾਰਵੀਂ ਤੱਕ ਦੇ ਵਿਦਿਆਰਥੀਆਂ ਨੂੰ ਇੱਕ ਸਕਾਲਰਸ਼ਿਪ ਟੈਸਟ ਵਿੱਚ ਪੁਜੀਸ਼ਨਾਂ ਹਾਸਲ ਕਰਨ ਲਈ ਇਨਾਮ ਵੰਡੇ ਗਏ।

ਯਾਦ ਰਹੇ ਕਿ ਓਮੇਗਾ ਟਿਊਟੋਰੀਅਲ ਪਿਛਲੇ 25 ਸਾਲਾਂ ਤੋਂ ਮਲੇਰਕੋਟਲਾ ਸ਼ਹਿਰ ਅਤੇ ਇਲਾਕੇ ਦੇ ਵਿਦਿਆਰਥੀਆਂ ਲਈ ਇੱਕ ਚਾਨਣ ਮੁਨਾਰੇ ਦੀ ਤਰ੍ਹਾਂ ਕੰਮ ਕਰਦਾ ਆ ਰਿਹਾ ਹੈ। ਹਜ਼ਾਰਾਂ ਵਿਦਿਆਰਥੀ ਇਸ ਇੰਸਟੀਟਿਊਟ ਤੋਂ ਕੋਚਿੰਗ ਪ੍ਰਾਪਤ ਕਰਕੇ ਸਰਕਾਰੀ ਅਤੇ ਗੈਰ ਸਰਕਾਰੀ ਇਦਾਰਿਆਂ ਵਿੱਚ ਉੱਚੀਆਂ ਪੋਜੀਸ਼ਨਾਂ ਤੇ ਆਪਣੀ ਸੇਵਾ ਨਿਭਾ ਰਹੇ ਹਨ।

ਇਸ ਅਵਾਰਡ ਫੰਕਸ਼ਨ ਵਿੱਚ ਨਾਮਵਰ ਵਿਦਵਾਨਾ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ ਸਾਹਿਬਾਨ ਅਤੇ ਨਾਮਵਰ ਬੁੱਧੀਜੀਵੀਆਂ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।ਵੱਖ ਵੱਖ ਇਦਾਰਿਆਂ ਦੇ ਪ੍ਰਤੀਨਿਧਾਂ ਨੇ ਉਮੇਗਾ ਟਿਊਟੋਰਿਯਲ ਦੇ ਸਰਪਰਸਤ ਸ੍ਰੀ ਸਰਮਦ ਸ਼ਰੀਫ ਜੀ ਨੂੰ ਵਰੇ ਗੰਢ ਦੀ ਵਧਾਈ ਦਿੱਤੀ ਅਤੇ ਉਹਨਾਂ ਦੀਆਂ ਪ੍ਰਾਪਤੀਆਂ ਅਤੇ ਸਮਾਜ ਪ੍ਰਤੀ ਉਹਨਾਂ ਦੇ ਯੋਗਦਾਨ ਲਈ ਉਨਾਂ ਦੀ ਸਰਾਹਨਾ ਕੀਤੀ। ਇਸ ਮੌਕੇ ਸ਼ਹਿਰ ਦੇ ਸਾਰੇ ਸਕੂਲਾਂ ਦੇ ਵਿਦਿਆਰਥੀਆਂ , ਪ੍ਰਿੰਸੀਪਲ ਸਾਹਿਬਾਨ ਅਤੇ ਉੱਗੀਆਂ ਵਿਦਿਅਕ ਸ਼ਖਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਪ੍ਰੋਗਰਾਮ ਦੇ ਅੰਤ ਤੇ ਸੰਸਥਾਪਕਾਂ ਵੱਲੋਂ ਆਏ ਹੋਏ ਸਾਰੇ ਮਹਿਮਾਨਾਂ ਅਤੇ ਪੱਤਰਕਾਰਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਇਸ ਮੌਕੇ ਸਮਾਗਮ ਦਾ ਸੰਚਾਲਨ ਸ੍ਰੀ ਮੁਹੰਮਦ ਸ਼ਕੀਲ ਵੱਲੋਂ ਕੀਤਾ ਗਿਆ।

# ਕੇ ਐਸ ਬੀ ਵਰਲਡ ਸਕੂਲ, ਪਾਤੜਾਂ ਵਿਖੇ ਸਾਰੇ ਵਿਸ਼ਿਆਂ ਦੀ ਇੱਕ ਸ਼ਾਨਦਾਰ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ।

ਪਾਤੜਾਂ (ਲੋਕ ਬਾਣੀ)

ਐਸ ਬੀ ਸਕੂਲ ਪਾਤੜਾਂ ਵਿੱਚ ਸ੍ਰੀ ਪਾਤੜਾਂ ਵਿੱਚ ਸ਼੍ਰੀ ਅਸ਼ੋਕ ਕੁਮਾਰ ਜੀ ਐੱਸ.ਡੀ.ਐੱਮ. ਪਾਤੜਾਂ ਨੇ ਮੁੱਖ ਮਹਿਮਾਨ ਦੇ ਤੌਰ ਉੱਤੇ ਇਸ ਪ੍ਰਦਰਸ਼ਨੀ ਵਿੱਚ ਸ਼ਿਰਕਤ ਕੀਤੀ। ਇਸ ਪ੍ਰਦਰਸ਼ਨੀ ਨੂੰ ਦੇਖਣ ਲਈ ਵਿਦਿਆਰਥੀ , ਉਨਾਂ ਦੇ ਮਾਪੇ ਅਤੇ ਸ਼ਹਿਰ ਦੀਆਂ ਵੱਖ-ਵੱਖ ਹਸਤੀਆਂ ਜਿਨ੍ਹਾਂ ਵਿੱਚੋਂ ਸ਼੍ਰੀ ਅਭਿਸ਼ੇਕ ਬਾਂਸਲ ਜੀ, ਸ਼੍ਰੀ ਵਿਨੋਦ ਸਿੰਗਲਾ ਜੀ, ਸਰਦਾਰ ਰਵਿੰਦਰ ਸਿੰਘ ਭਿੰਡਰ ਜੀ,ਸ. ਰਣਜੀਤ ਸਿੰਘ ਜੀ, ਸ਼੍ਰੀ ਸ਼ਿਵ ਕੁਮਾਰ ਜਿੰਦਲ ਜੀ, ਸ਼੍ਰੀ ਵਿਜੇ ਕੁਮਾਰ ਜੀ, ਸ਼੍ਰੀ ਵੇਦ ਪ੍ਰਕਾਸ਼ ਜੀ, ਸ਼੍ਰੀ ਭੁਪਿੰਦਰ ਸਿੰਘ ਜੀ, ਅਤੇ ਸ਼੍ਰੀ ਗੁਰਮੀਤ ਸਿੰਘ ਜੀ ਆਦਿ ਨੇ ਸ਼ਿਰਕਤ ਕੀਤੀ। ਉਹ ਵਿਦਿਆਰਥੀਆਂ ਦੀ ਬੇਮਿਸਾਲ ਪ੍ਰਤਿਭਾ ਅਤੇ ਸਿਰਜਣਾਤਮਕਤਾ ਨੂੰ ਉਜਾਗਰ ਕਰਦੇ ਹੋਏ, ਵਿਭਿੰਨ ਅਕਾਦਮਿਕ ਵਿਸ਼ਿਆਂ ਵਿੱਚ ਪ੍ਰਦਰਸ਼ਿਤ ਨਵੀਨਤਾਕਾਰੀ ਪ੍ਰੋਜੈਕਟਾਂ ਦੀ ਵਿਸ਼ਾਲ ਸ਼੍ਰੇਣੀ ਦੁਆਰਾ ਪ੍ਰਭਾਵਿਤ ਹੋਏ। ਤੀਸਰੀ ਜਮਾਤ ਦੀ ਵਿਦਿਆਰਥਣ ਨਿਮਰਤ ਕੌਰ ਨੂੰ ਉਸ ਦੀ ਵਧੀਆ ਪੇਸ਼ਕਾਰੀ ਲਈ ਐੱਸ.ਡੀ.ਐੱਮ ਸਾਹਿਬ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਪ੍ਰਦਰਸ਼ਨੀ ਵਿੱਚ ਵਿਗਿਆਨ ਦੇ ਪ੍ਰਯੋਗਾਂ ਤੋਂ ਲੈ ਕੇ ਗੁੰਝਲਦਾਰ ਸੰਕਲਪਾਂ ਨੂੰ ਪ੍ਰਦਰਸ਼ਿਤ ਕਰਨ ਵਾਲੇ ਪ੍ਰੋਜੈਕਟਾਂ ਦੀ ਇੱਕ ਵਿਆਪਕ ਲੜੀ ਨੂੰ ਪ੍ਰਦਰਸ਼ਿਤ ਕੀਤਾ ਗਿਆ ਸੀ, ਜੋ ਕਿ ਕਲਾ ਸਥਾਪਨਾਵਾਂ, ਵਿਚਾਰ-ਉਤਸ਼ਾਹਿਤ ਇਤਿਹਾਸ ਪੇਸ਼ਕਾਰੀਆਂ, ਅਤੇ ਰੁਝੇਵੇਂ ਭਾਸ਼ਾ-ਅਧਾਰਿਤ ਗਤੀਵਿਧੀਆਂ ਨੂੰ ਦਰਸਾਉਣ ਦੇ ਨਾਲ- ਨਾਲ ਵਿਦਿਆਰਥੀਆਂ ਦੁਆਰਾ ਪ੍ਰਾਪਤ ਕੀਤੇ ਗਿਆਨ ਦੀ ਵਿਸ਼ਾਲਤਾ ਨੂੰ ਦਰਸਾਉਂਦੀਆਂ ਹਨ। ਵਿਦਿਆਰਥੀਆਂ ਨੇ ਉਤਸ਼ਾਹ ਨਾਲ ਮੁੱਖ ਮਹਿਮਾਨ ਜੀ ਅਤੇ ਹੋਰ ਦਰਸ਼ਕਾਂ ਨੂੰ ਆਪਣੇ ਪ੍ਰੋਜੈਕਟਾਂ ਦੀ ਵਿਆਖਿਆ ਕੀਤੀ। ਉਹਨਾਂ ਦੇ ਵਿਸ਼ੇ ਦੀ ਡੂੰਘੀ ਸਮਝ ਅਤੇ ਉਹਨਾਂ ਦੇ ਚੁਣੇ ਹੋਏ ਖੇਤਰਾਂ ਲਈ ਜਨੂੰਨ ਦਾ ਪ੍ਰਦਰਸ਼ਨ ਕਰਦੇ ਹੋਏ, ਇੱਕ ਜੀਵੰਤ ਅਤੇ ਇੰਟਰਐਕਟਿਵ ਮਾਹੌਲ ਬਣਾ ਲਿਆ। ਮੁੱਖ ਮਹਿਮਾਨ ਸ਼੍ਰੀ ਅਸ਼ੋਕ ਕੁਮਾਰ ਜੀ ਨੇ ਵਿਦਿਆਰਥੀਆਂ ਦੇ ਸਮਰਪਣ ਅਤੇ ਪ੍ਰਦਰਸ਼ਨੀਆਂ ਦੀ ਉੱਚ ਗੁਣਵੱਤਾ ਦੀ ਪ੍ਰਸ਼ੰਸਾ ਕੀਤੀ। ਪ੍ਰਦਰਸ਼ਨੀ ਵਿੱਚ ਹਰੇਕ ਵਿਸ਼ੇ ਦੇ



ਵਿਦਿਆਰਥੀਆਂ ਨੇ ਆਪਣੇ ਆਪਣੇ ਪ੍ਰੋਜੈਕਟਾਂ ਨੂੰ ਆਕਰਸ਼ਿਤ ਕਰਨ ਲਈ ਇੱਕ ਕੇਂਦਰ ਧੁਰੇ ਦਾ ਨਿਰਮਾਣ ਕੀਤਾ, ਜਿਵੇਂ ਵਿਗਿਆਨ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਚੰਦਰਯਾਨ ਦਾ ਮਾਡਲ ਬਣਾ ਕੇ ਵਿਗਿਆਨ ਦੀ ਮਹਾਨ ਪ੍ਰਾਪਤੀ ਨੂੰ ਦਰਸਾਇਆ।ਗਣਿਤ ਦੇ ਵਿਦਿਆਰਥੀਆਂ ਨੇ 'ਹਾਈਟ ਮੇਟ' ਦਾ ਇੱਕ ਅਜਿਹਾ ਮਾਡਲ ਤਿਆਰ ਕੀਤਾ ਜਿਸ ਵਿੱਚ ਅਸੀਂ ਬਿਨਾਂ ਹੱਥ ਲਗਾਏ ਕਿਸੇ ਵੀ ਚੀਜ਼ ਦੀ ਉਚਾਈ ਨਾਪ ਸਕਦੇ ਹਾਂ। ਇਸੇ ਹੀ ਤਰ੍ਹਾਂ ਸਮਾਜਿਕ ਸਿੱਖਿਆ ਦੇ ਵਿਦਿਆਰਥੀਆਂ ਵੱਲੋਂ ਜਵਾਲਾ ਮੁਖੀ ਦਾ ਕਾਰਜਕਾਰੀ ਮਾਡਲ ਖਿੱਚ ਦਾ ਕੇਂਦਰ ਬਣਿਆ। ਸਕੂਲ ਦੇ ਪੰਜਾਬੀ ਵਿਭਾਗ ਨੇ ਪੰਜਾਬ ਦੇ ਅਲੋਪ ਹੋ ਰਹੇ ਸੱਭਿਆਚਾਰ ਦੀ ਬਾਖੂਬੀ ਝਾਂਕੀ ਪੇਸ਼ ਕੀਤੀ। ਅੰਗਰੇਜ਼ੀ ਵਿਸ਼ੇ ਦੇ ਵਿਦਿਆਰਥੀਆਂ ਨੇ ਵੀ 'ਸੈਂਡਰੇਲਾਂ' ਨਾਮੀ ਦੀ ਇੱਕ ਲੜਕੀ ਦੀ ਕਹਾਣੀ ਨੂੰ ਤਸਵੀਰਾਂ ਰਾਹੀਂ ਪੇਸ਼ ਕੀਤਾ ਜਿਸ ਨੂੰ ਸਾਰੇ ਦਰਸ਼ਕਾਂ ਨੇ ਖੂਬ ਸਰਾਹਿਆ। ਹਿੰਦੀ ਵਿਭਾਗ ਨੇ ਸਤੀ ਪ੍ਰਥਾ ਵਰਗੀ ਪੁਰਾਤਨ ਸਮਾਜਿਕ ਕੁਰੀਤੀ ਅਤੇ ਔਸ਼ਧੀ ਪਹਾੜ ਜਿਸ ਵਿੱਚੋਂ ਹਨੂੰਮਾਨ ਜੀ ਨੇ ਸੰਜੀਵਨੀ ਬੂਟੀ ਲਿਆ ਕੇ ਸ਼੍ਰੀ ਲਕਸ਼ਮਣ ਜੀ ਦੀ ਜਾਨ ਬਚਾਈ ਸੀ ਦਾ ਮਾਡਲ ਪੇਸ਼ ਕੀਤਾ। ਕੈਲੀਗ੍ਰਾਫੀ ਦੇ ਅਧਿਆਪਕ ਨੇ ਆਪਣੀ ਸੁੰਦਰ ਲਿਖਾਈ ਨਾਲ ਸਾਰੇ ਪਤਵੰਤਿਆਂ ਦਾ ਮਨ ਮੋਹ ਲਿਆ। ਸਕੂਲ ਦੇ ਕਲਾ ਅਧਿਆਪਕ ਨੇ ਸਕੂਲ ਨੂੰ ਬਹੁਤ ਹੀ ਸੁੰਦਰ ਤਰੀਕੇ ਨਾਲ ਵਿਦਿਆਰਥੀਆਂ ਦੀਆਂ ਕਲਾ ਕ੍ਰਿਤੀਆਂ ਨਾਲ ਸਜਾਇਆ। ਡਾਂਸ ਅਤੇ ਸੰਗੀਤ ਅਧਿਆਪਕਾਂ ਨੇ ਬਹੁਤ ਹੀ ਬਾਖੂਬੀ ਨਾਲ ਵੱਖ ਵੱਖ ਪ੍ਰਾਂਤਾਂ ਦੇ ਨਾਚ ਅਤੇ ਸੰਗੀਤ ਨਾਲ ਮੁੱਖ ਮਹਿਮਾਨ ਅਤੇ ਪ੍ਰਦਰਸ਼ਨੀ ਦੇਖਣ ਆਏ ਦਰਸ਼ਕਾਂ ਦਾ ਸਵਾਗਤ ਕੀਤਾ। ਸਕੂਲ ਦੇ ਪ੍ਰੀ- ਪ੍ਰਾਇਮਰੀ ਵਿੰਗ ਦੇ ਵਿਦਿਆਰਥੀਆਂ ਦੁਆਰਾ ਬਣਾਏ ਗਏ ਬਹੁਤ ਹੀ ਸੋਹਣੇ ਮਾਡਲ ਪ੍ਰਦਰਸ਼ਨੀ ਵਿੱਚ ਪੇਸ਼ ਕੀਤੇ ਗਏ।

ਕੁੱਲ ਮਿਲਾ ਕੇ, ਸਾਰੇ ਵਿਸ਼ਿਆਂ ਦੀ ਪ੍ਰਦਰਸ਼ਨੀ ਨੇ ਵਿਦਿਆਰਥੀਆਂ ਲਈ ਉਹਨਾਂ ਦੀਆਂ ਬਹੁਪੱਖੀ ਕਾਬਲੀਅਤਾਂ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਪਲੇਟਫਾਰਮ ਵਜੋਂ ਕੰਮ ਕੀਤਾ ,ਜਿਸ ਨਾਲ ਸਕੂਲ ਦੀ ਸੰਪੂਰਨ ਸਿੱਖਿਆ ਪ੍ਰਤੀ ਵਚਨਬੱਧਤਾ ਦੀ ਇੱਕ ਸਥਾਈ ਛਾਪ ਛੱਡੀ ਗਈ। ਸਕੂਲ ਦੇ ਪ੍ਰੈਜੀਡੈਂਟ ਸ੍ਰੀ ਗੁਰਲਾਡ ਸਿੰਘ ਕਾਹਲੋਂ ਜੀ ਦੁਆਰਾ ਕੀਤਾ ਇਹ ਉਪਰਾਲਾ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵਿੱਚ ਬਹੁਤ ਸਹਾਇਕ ਸਿੱਧ ਹੋਇਆ। ਪ੍ਰੈਜੀਡੈਂਟ ਸ੍ਰੀ ਗੁਰਲਾਡ ਸਿੰਘ ਕਾਹਲੋਂ ਜੀ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਪ੍ਰਦਰਸ਼ਨੀ ਲਈ ਕੀਤੀ ਜੀਅ ਤੋੜ ਮਿਹਨਤ ਲਈ ਪ੍ਰਸ਼ੰਸਾ ਦਿੱਤੀ।ਸਕੂਲ ਦੇ ਮੈਨੇਜਰ ਮੈਡਮ ਰੀਨਾ ਚੀਮਾ ਜੀ ਨੇ ਵਿਦਿਆਰਥੀਆਂ ਦੀ ਕੀਤੀ ਕਾਰਗੁਜ਼ਾਰੀ ਲਈ ਉਨਾਂ ਨੂੰ ਹੱਲਾਸ਼ੇਰੀ ਦਿੰਦਿਆਂ ਕਿਹਾ ਕੀ ਇਹ ਪ੍ਰਦਰਸ਼ਨੀ ਉਨ੍ਹਾਂ ਦੀ ਆਉਣ ਵਾਲੀ ਸਲਾਨਾ ਪ੍ਰੀਖਿਆ ਲਈ ਬਹੁਤ ਸਹਾਇਕ ਸਿੱਧ ਹੋਵੇਗੀ। ਸਕੂਲ ਦੇ ਚੇਅਰਮੈਨ ਸ੍ਰੀ ਨਰੇਸ਼ ਕੁਮਾਰ ਜੀ ਨੇ ਵੀ ਵਿਦਿਆਰਥੀਆਂ ਦੀ ਸਲਾਂਘਾ ਕਰਦੇ ਹੋਏ ਆਉਣ ਵਾਲੇ ਭਵਿੱਖ ਵਿੱਚ ਹੋਰ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ।ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਅਨੀਤਾ ਸਹੂੰਜਾ ਜੀ ਨੇ ਕਿਹਾ ਕਿ ਇਹ ਪ੍ਰਦਰਸ਼ਨੀ ਨਾ ਸਿਰਫ਼ ਅਕਾਦਮਿਕ ਪ੍ਰਾਪਤੀਆਂ ਦਾ ਜਸ਼ਨ ਮਨਾਉਂਦੀ ਹੈ, ਸਗੋਂ ਵਿਦਿਆਰਥੀਆਂ ਵਿੱਚ ਸਾਰੇ ਵਿਸ਼ਿਆਂ ਨੂੰ ਸਿੱਖਣ ਦੀ ਉਤੇਜਨਾ ਨੂੰ ਵੀ ਵਧਾਉਂਦੀ ਹੈ। ਵਿਦਿਆਰਥੀਆਂ ਨੂੰ ਰਵਾਇਤੀ ਸੀਮਾਵਾਂ ਤੋਂ ਬਾਹਰ ਆਪਣੀਆਂ ਰੁਚੀਆਂ ਦੀ ਖੋਜ ਕਰਨ ਲਈ ਉਤਸ਼ਾਹਿਤ ਕਰਦੀ ਹੈ।

# 80 ਲੱਖ ਖ਼ਰਚ ਅਮਰੀਕਾ ਤੋਂ ਡਿਪੋਰਟ ਹੋਇਆ ਵਿਆਹੁਤਾ ਜੋੜਾ, ਡੇਢ ਸਾਲ ਪਹਿਲਾਂ ਹੋਇਆ ਸੀ ਵਿਆਹ

ਡੇਰਾਬੱਸੀ, (ਲੋਕ ਬਾਣੀ)-

ਅਮਰੀਕਾ ਤੋਂ ਭਾਰਤ ਡਿਪੋਰਟ ਕੀਤੇ ਪਹਿਲੇ ਜਹਾਜ਼ ਵਿੱਚ ਲਾਲੜੂ ਨੇੜਲੇ ਪਿੰਡ ਜੜੌਤ ਦੇ 22 ਸਾਲਾ ਪ੍ਰਦੀਪ ਦੇ ਅਮਰੀਕਾ ਤੋਂ ਵਾਪਸ ਆਉਣ ਬਾਅਦ ਨੇੜਲੇ ਪਿੰਡ ਜੌਲਾ ਖੁਰਦ ਦੋ ਜਣਿਆਂ ਨੂੰ ਵੀ ਭਾਰਤ ਵਾਪਸ (ਡਿਪੋਰਟ) ਕਰ ਦਿੱਤਾ ਗਿਆ। ਦੋਵੇਂ ਪਤੀ-ਪਤਨੀ ਹਨ, ਜਿਨ੍ਹਾਂ ਦਾ ਵਿਆਹ ਸਿਰਫ਼ ਡੇਢ ਸਾਲ ਪਹਿਲਾਂ ਹੋਇਆ ਸੀ। ਕਰੀਬ 9 ਮਹੀਨੇ ਵੱਖ-ਵੱਖ ਦੇਸ਼ਾਂ ਵਿੱਚ ਭਟਕਣ ਤੋਂ ਬਾਅਦ ਉਨ੍ਹਾਂ ਨੂੰ ਅਮਰੀਕੀ ਦਾਖਲ ਹੋਣ ਤੇ ਉੱਥੋਂ ਦੀ ਇਮੀਗ੍ਰੇਸ਼ਨ ਪੁਲਿਸ ਨੇ ਫੜ ਲਿਆ। ਦੋਵਾਂ ਪਤੀ-ਪਤਨੀ ਨੂੰ 119 ਭਾਰਤੀਆਂ ਦੀ ਟੀਮ ਸਮੇਤ ਭਾਰਤ ਵਾਪਸ ਭੇਜ ਦਿੱਤਾ ਗਿਆ ਹੈ। ਵਾਪਸ ਆਪਣੀ ਪਤਨੀ ਨਾਲ ਵਤਨ ਪਰਤੇ ਗੁਰਪ੍ਰੀਤ ਸਿੰਘ ਦੇ ਪਿਤਾ ਜਸਵਿੰਦਰ ਸਿੰਘ ਪੰਜਾਬ ਪੁਲਿਸ ਵਿੱਚ ਮੁਲਾਜ਼ਮ ਹਨ ਜੋ ਐਰੋਸਿਟੀ ਥਾਣੇ ਵਿਚ ਬਤੌਰ ਏਐਸਆਈ ਤੈਨਾਤ ਹਨ। ਲਾਲੜੂ ਤੋਂ ਪੰਜ ਕਿਲੋਮੀਟਰ ਦੂਰ ਜੌਲਾ ਖੁਰਦ ਪਿੰਡ ਵਿੱਚ ਪੰਜਾਬ ਪੁਲਿਸ ਦੇ ਏਐਸਆਈ ਜਸਵਿੰਦਰ ਸਿੰਘ ਦੇ ਪਰਿਵਾਰ ਵਿੱਚ ਉਨ੍ਹਾਂ ਦੇ ਦੋ ਪੁੱਤਰ ਹਨ। ਛੋਟਾ ਪੁੱਤਰ ਅਣਵਿਆਹਿਆ ਹੈ ਅਤੇ ਇੱਕ ਨਿੱਜੀ ਫੈਕਟਰੀ ਵਿੱਚ ਕੰਮ ਕਰਦਾ ਹੈ ਅਤੇ ਵੱਡੇ ਪੁੱਤਰ ਗੁਰਪ੍ਰੀਤ ਸਿੰਘ (28) ਦਾ ਵਿਆਹ ਲਗਭਗ ਡੇਢ ਸਾਲ ਪਹਿਲਾਂ ਹਰਿਆਣਾ ਦੇ ਸ਼ਹਿਜ਼ਾਦਪੁਰ ਦੇ ਪਿੰਡ ਦੀ ਰਹਿਣ ਵਾਲੀ ਅਮਨਪ੍ਰੀਤ ਕੌਰ ਨਾਲ ਹੋਇਆ ਸੀ। ਜਿਨ੍ਹਾਂ ਪਿੰਡ ਵਿੱਚ ਇੱਕ ਪੱਕਾ ਮਕਾਨ ਹੈ ਅਤੇ ਪਰਿਵਾਰ ਕੋਲ ਪਿੰਡ ਵਿੱਚ ਛੇ ਕਿੱਲੇ ਜ਼ਮੀਨ ਵੀ ਹੈ , ਜਿਸ ਵਿੱਚ ਉਹ ਖੇਤੀਬਾੜੀ ਵੀ ਕਰਦੇ ਹਨ। ਅਮਰੀਕਾ ਤੋਂ ਵਤਨ ਵਾਪਸ ਪਰਤੇ ਗੁਰਪ੍ਰੀਤ ਸਿੰਘ ਦੇ ਪਿਤਾ ਜਸਵਿੰਦਰ ਸਿੰਘ ਨੇ ਦੱਸਿਆ ਕਿ ਦੋਵੇਂ ਲਗਭਗ 9 ਮਹੀਨੇ ਪਹਿਲਾਂ ਇਕੱਠੇ ਦੁਬਈ ਰਾਹੀਂ ਵੱਖ-ਵੱਖ ਦੇਸ਼ਾਂ ਤੋਂ ਹੁੰਦੇ ਹੋਏ ਮੈਕਸੀਕੋ ਰਾਹੀਂ ਅਮਰੀਕਾ ਪਹੁੰਚੇ ਸਨ। ਗੁਰਪ੍ਰੀਤ ਸਿੰਘ ਨੇ ਬੀਐਸਸੀ ਐਗਰੀਕਲਚਰ ਤੱਕ ਦੀ ਪੜ੍ਹਾਈ ਕੀਤੀ ਹੋਈ ਹੈ ਅਤੇ ਉਸਦੀ ਪਤਨੀ ਅਮਨਪ੍ਰੀਤ ਕੌਰ 12ਵੀਂ ਪਾਸ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਆਪਣੇ ਪੁੱਤਰ ਗੁਰਪ੍ਰੀਤ ਸਿੰਘ ਨਾਲ 5 ਫਰਵਰੀ ਨੂੰ ਗੱਲ ਹੋਈ ਸੀ ਕਿ ਉਹ ਅਮਰੀਕਾ ਪਹੁੰਚ ਗਏ ਹਨ ਵੈਧ ਵੀਜ਼ਾ ਨਾ ਮਿਲਣ ਕਾਰਨ, ਉਹ ਅਮਰੀਕਾ ਵਿੱਚ ਦਾਖਲ ਹੋਣ ਲਈ ਡੌਂਕੀ ਰਾਹੀਂ ਕਈ ਵੱਖ-ਵੱਖ ਦੇਸ਼ਾਂ ਵਿੱਚੋਂ ਦੀ ਸਰਹੱਦ ਪਾਰ ਕਰਨ ਵਿੱਚ ਸਫਲ ਰਹੇ। ਬਦਕਿਸਮਤੀ ਨਾਲ ਉਹ ਸੱਤਾਧਾਰੀ ਟਰੰਪ ਸਰਕਾਰ ਦੁਆਰਾ ਲਏ ਗਏ ਇੱਕ ਸਖ਼ਤ ਫੈਸਲੇ ਦਾ ਸ਼ਿਕਾਰ ਹੋ ਗਏ। ਟਰੰਪ ਸਰਕਾਰ ਨੇ ਉਨ੍ਹਾਂ ਸਾਰੇ ਦੇਸ਼ਾਂ ਦੇ ਲੋਕਾਂ ਨੂੰ ਵਾਪਸ ਭੇਜਣ ਦਾ ਸਖ਼ਤ ਫੈਸਲਾ ਲਿਆ ਹੈ ਜੋ ਅਮਰੀਕਾ ਵਿੱਚ ਗੈਰ-ਕਾਨੂੰਨੀ ਤੌਰ 'ਤੇ ਰਹਿ ਰਹੇ ਹਨ। ਪਰਿਵਾਰ ਨੇ ਉਨ੍ਹਾਂ ਨੂੰ ਬਿਹਤਰ ਅਤੇ ਖੁਸ਼ਹਾਲ ਜ਼ਿੰਦਗੀ ਜਿਉਣ ਦੀ ਉਮੀਦ ਨਾਲ ਵਿਦੇਸ਼ ਭੇਜਿਆ ਸੀ, ਪਰ ਉਨ੍ਹਾਂ ਦੇ ਡਿਪੋਰਟ ਕਰਨ ਨਾਲ ਨਾ ਸਿਰਫ਼ ਉਨ੍ਹਾਂ ਦੀਆਂ ਉਮੀਦਾਂ ਟੁੱਟ ਗਈਆਂ ,ਸਗੋਂ ਉਨ੍ਹਾਂ ਨੂੰ ਭੇਜਣ 'ਤੇ ਖਰਚ ਕੀਤੇ ਗਏ 80 ਲੱਖ ਰੁਪਏ ਵੀ ਬਰਬਾਦ ਹੋ ਗਏ। ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਹਰਿਆਣਾ ਦੇ ਕਿਸੇ ਏਜੇਂਟ ਰਾਹੀਂ ਬੱਚਿਆਂ ਨੂੰ ਵੱਖ ਵੱਖ ਸਮੇਂ ਤੇ ਮੰਗ ਅਨੁਸਾਰ 80 ਲਸਖ ਰੁਪਏ ਭੁਗਤਾਨ ਕੀਤਾ ਗਿਆ ਸੀ। ਜਸਵਿੰਦਰ ਸਿੰਘ ਨੇ ਅਮਰੀਕਾ ਵੱਲੋਂ ਜਹਾਜ਼ ਰਾਹੀਂ ਸ਼੍ਰੀ ਅੰਮ੍ਰਿਤਸਰ ਸਾਹਿਬ ਭੇਜਣ ਉਰੰਤ ਏਅਰਪੋਰਟ ਤੇ ਵਤਨ ਵਾਪਸ ਪਰਤੇ ਬੱਚਿਆਂ ਨੂੰ ਲੈਣ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਪ੍ਰਬੰਧਾਂ ਦੀ ਸ਼ਲਾਘਾ ਕਰਦਿਆਂ ਮੁੱਖਮੰਤਰੀ ਭਗਵੰਤ ਮਾਨ ਵੱਲੋਂ ਵਤਨ ਵਾਪਸ ਪਰਤੇ ਬੱਚਿਆਂ ਦੀ ਬਾਂਹ ਫੜਨ ਦੇ ਬਿਆਨ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਪੰਜਾਬ ਸਰਕਾਰ ਨੂੰ ਪੰਜਾਬ ਸਰਕਾਰ ਨੂੰ ਸਾਜਿਸ਼ਕਰਤਾ ਟਰੈਵਲ ਏਜੇਂਟ ਖ਼ਿਲਾਫ਼ ਐਕਸ਼ਨ ਲੈਣ ਦੀ ਵੀ ਅਪੀਲ ਕੀਤੀ ਤਾਂ ਜੋ ਉਨ੍ਹਾਂ ਦੇ ਹੋਏ ਨੁਕਸਾਨ ਦੀ ਭਰਪਾਈ ਹੋ ਸਕੇ।

# ਜਿਲ੍ਹਾ ਪੱਧਰੀ ਆਈਡੀਐਸਪੀ ਟ੍ਰੇਨਿੰਗ ਵਰਕਸ਼ਾਪ ਦਾ ਕੀਤਾ ਆਯੋਜਨ




ਅੰਮ੍ਰਿਤਸਰ (ਲੋਕ ਬਾਣੀ) ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਦੀ ਪ੍ਰਧਾਨਗੀ ਹੇਠ ਸਿਹਤ ਵਿਭਾਗ ਵੱਲੋਂ ਆਈਡੀਐਸਪੀ ਪ੍ਰੋਗਰਾਮ ਤਹਿਤ ਇੱਕ ਟ੍ਰੇਨਿੰਗ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਜਿਲ੍ਹੇ ਭਰ ਦੇ ਕਮਿਊਨਿਟੀ ਹੈਲਥ ਅਫਸਰਾ ਦੀ ਟ੍ਰੇਨਿੰਗ ਕਰਵਾਈ ਗਈ। ਇਸ ਦੌਰਾਨ ਸਿਵਲ ਸਰਜਨ ਡਾ ਕਿਰਨਦੀਪ ਕੌਰ ਨੇ ਦੱਸਿਆ ਕਿ ਆਈਡੀਐਸਪੀ ਤਹਿਤ ਬਹੁਤ ਸਾਰੀਆਂ ਛੂਤ ਦੀਆਂ ਬਿਮਾਰੀਆਂ ਜਿਵੇਂ ਟੀਬੀ, ਹੈਜਾ, ਸਵਾਇਨ ਫਲੂ, ਕਰੋਨਾ ਮਲੇਰੀਆ, ਡੇਂਗੂ, ਚਿਕਨਗੁਣੀਆ, ਹੈਪਰਟਾਈਟਸ ਅਤੇ ਵਾਟਰ ਬੋਰਨ ਡਿਜੀਜ ਆਦੀ ਨੂੰ ਕਵਰ ਕੀਤਾ ਜਾਂਦਾ ਹੈ। ਇਸ ਪ੍ਰੋਗਰਾਮ ਤਹਿਤ ਜਿਲੇ ਭਰਦੇ ਸਾਰੇ ਇਲਾਕਿਆਂ ਵਿੱਚ ਸਰਵੇਖਣ ਕਰਕੇ ਐਕਟਿਵ ਕੇਸਾਂ ਦੀ ਭਾਲ ਕੀਤੀ ਜਾਂਦੀ ਹੈ ਅਤੇ ਉਹਨਾਂ ਦੀ ਜਾਂਚ ਕਰਵਾਉਣ ਉਪਰੰਤ ਮੁਫਤ ਇਲਾਜ ਕਰਾਇਆ ਜਾਂਦਾ ਹੈ। ਇਸ ਦੌਰਾਨ ਐਪੀਡਮੋਲਜਿਸਟ ਆਈਡੀਐਸਪੀ ਡਾ ਨਵਦੀਪ ਕੌਰ ਵੱਲੋਂ ਸਮੂਹ ਸਟਾਫ ਨੂੰ ਵਿਸਥਾਰ ਪੂਰਵਕ ਟ੍ਰੇਨਿੰਗ ਦਿੱਤੀ ਗਈ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ ਰਜਿੰਦਰ ਪਾਲ ਕੌਰ, ਜਿਲਾ ਐਪੀਡਮੋਲੋਜਿਸਟ ਡਾ ਹਰਜੋਤ ਕੌਰ, ਜਿਲਾ ਐਮਆਈਓ ਅਮਰਦੀਪ ਸਿੰਘ, ਤ੍ਰਿਪਤਾ ਕੁਮਾਰੀ ਅਤੇ ਸਮੂਹ ਸਟਾਫ ਹਾਜਰ ਸਨ।

# ਆਯੂਰ ਜੀਵਨ ਆਯੂਰਵੈਦਿਕ ਰਿਸਰਚ ਸੈਂਟਰ ਵੱਲੋਂ ਗੁਰਦੁਆਰਾ ਸ਼ਹੀਦਾਂ ਮਾਹਿਲਪੁਰ ਵਿਖੇ ਫਰੀ ਨਸ਼ਾ ਛੁਡਾਉ ਕੈਂਪ ਲਗਾਇਆ ਗਿਆ।

ਹੁਸ਼ਿਆਰਪੁਰ (ਲੋਕ ਬਾਣੀ) ਆਯੂਰ ਜੀਵਨ ਆਯੂਰਵੈਦਿਕ ਰਿਸਰਚ ਸੈਂਟਰ ਵੱਲੋਂ ਪਿਛਲੇ ਕਾਫੀ ਸਮੇਂ ਤੋਂ ਪਿੰਡਾ ਸ਼ਹਿਰਾ ਅਤੇ ਕਸਬਿਆਂ ਦੇ ਵਿੱਚ ਨਸ਼ਿਆਂ ਦੇ ਕਾਰਨ ਮੌਤ ਦੇ ਮੂੰਹ ਵਿੱਚ ਜਾ ਰਹੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਛੁਟਕਾਰਾ ਦਿਵਾਉਣ ਲਈ ਮਾਹਿਲਪੁਰ ਦੇ ਗੁਰੂਦੁਆਰਾ ਸ਼ਹੀਦਾਂ

ਵਿਖੇ ਮੁਫਤ ਨਸ਼ਾ ਛੁਡਾਊ ਕੈਂਪ ਲਗਾ ਕੇ ਨਸ਼ਿਆਂ ਦੀ ਗ੍ਰਿਫਤ ਵਿੱਚ ਆਏ ਨੌਜਵਾਨਾਂ ਨੂੰ ਜਾਗਰੂਕ ਕੀਤਾ ਗਿਆ। ਇਸ ਸਬੰਧੀ ਆਯੂਰ ਜੀਵਨ ਆਯੂਰਵੈਦਿਕ ਰਿਸਰਚ ਸੈਂਟਰ ਦੇ ਐਮਡੀ ਅਤੇ ਦਲ ਖਾਲਸਾ ਦੇ ਜਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਖਾਲਸਾ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਜੋਕੇ ਸਮੇਂ ਦੌਰਾਨ ਸਮਾਜ ਵਿੱਚ ਵੱਧ ਰਹੀ ਨਸ਼ੇ ਦੀ ਵਰਤੋਂ ਚਿੰਤਾ ਦਾ ਵਿਸ਼ਾ ਹੈ। ਇਹ ਜਿੱਥੇ ਨੌਜਵਾਨ ਪੀੜੀ ਦਾ ਨਾਸ਼ ਕਰ ਰਹੀ ਹੈ ਉੱਥੇ ਹੀ ਪੰਜਾਬ ਦੀ ਸਾਖ ਨੂੰ ਵੱਡੇ ਪੱਧਰ ਤੇ ਨੁਕਸਾਨ ਪਹੁੰਚਾ ਰਹੀ ਹੈ। ਨਸ਼ੇ ਦੀ ਲੱਤ ਇੱਕ ਗੰਭੀਰ ਸਮਾਜਿਕ ਅਤੇ ਸਿਹਤ ਸੰਬੰਧੀ ਸਮੱਸਿਆ ਹੈ, ਜੋ ਕਿ ਨਸ਼ਾ ਕਰਨ ਵਾਲੇ ਵਿਅਕਤੀ, ਪਰਿਵਾਰ ਅਤੇ ਪੂਰੇ ਸਮਾਜ ਨੂੰ ਪ੍ਰਭਾਵਿਤ ਕਰਦੀ ਹੈ। ਇਹ ਨਾ ਸਿਰਫ਼ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਨੂੰ ਨੁਕਸਾਨ ਪਹੁੰਚਾਉਂਦੀ ਹੈ, ਸਗੋਂ ਆਰਥਿਕ, ਨੈਤਿਕ ਅਤੇ ਕਾਨੂੰਨੀ ਮੁਸ਼ਕਲਾਂ ਵੀ ਪੈਦਾ ਕਰਦੀ ਹੈ। ਉਹਨਾਂ ਕਿਹਾ ਕਿ ਦਲ ਖਾਲਸਾ ਵਲੋਂ ਨਸ਼ਿਆਂ ਦੇ ਖਾਤਮੇ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉੱਥੇ ਹੀ ਨਸ਼ੇ ਦੀ ਗ੍ਰਿਫਤ ਵਿੱਚ ਆਏ ਲੋਕਾਂ ਨੂੰ ਇਸ ਲੱਤ ਤੋਂ ਨਿਜਾਤ ਦਵਾਉਣ ਦੇ ਲਈ ਵੱਡੇ ਪੱਧਰ ਤੇ ਨਸ਼ਾ ਛੁਡਾਊ ਕੈਂਪ ਲਗਾ ਰਹੇ ਹਨ। ਉਹਨਾਂ ਕਿਹਾ ਕਿ ਪੰਜਾਬ ਵਿਚ ਨਸ਼ਾ ਪੀੜਿਤ ਲੋਕਾਂ ਦੀ ਸਿਹਤਯਾਬੀ ਲਈ



ਮਾਲਕ ਦੇ ਚਰਨਾਂ ਵਿੱਚ ਅਰਦਾਸ ਵੀ ਕਰਦੇ ਹਾਂ ਕਿ ਨਸ਼ਾ ਪੀੜਤ ਲੋਕ ਇਸ ਮਾਨਸਿਕ ਬਿਮਾਰੀ ਤੋਂ ਠੀਕ ਹੋ ਸਕਣ। ਉਹਨਾਂ ਪੰਜਾਬ ਵਾਸੀਆਂ ਨੂੰ ਇਹ ਅਪੀਲ ਕਰਦੇ ਹੋਏ ਕਿਹਾ ਕਿ ਆਓ ਆਪਾਂ ਸਾਰੇ ਰਲ ਕੇ ਨਸ਼ਾ ਮੁਕਤ ਪੰਜਾਬ ਦਾ ਸੁਪਨਾ ਸਾਕਾਰ ਕਰੀਏ। ਉਹਨਾਂ ਕਿਹਾ ਕਿ ਜੋ ਵੀ ਵਿਅਕਤੀ ਆਪ ਹੀ ਨਸ਼ੇ ਦੀ ਲੱਤ ਤੋਂ ਪੀੜਿਤ ਹੈ ਜਾਂ ਉਹਨਾਂ ਦਾ ਕੋਈ ਸਕਾ-ਸੰਬੰਧੀ ਜਾਂ ਕੋਈ ਰਿਸ਼ਤੇਦਾਰ, ਦੋਸਤ ਮਿੱਤਰ ਨਸ਼ੇ ਦੀ ਦਲ-ਦਲ ਵਿੱਚ ਫਸ ਚੁੱਕਿਆ ਹੈ ਉਹ ਜਿੰਨੀ ਜਲਦੀ ਹੋ ਸਕੇ ਆਯੂਰ ਜੀਵਨ ਆਯੂਰਵੈਦਿਕ ਰਿਸਰਚ ਸੈਂਟਰ ਜਾ ਕਿਸੇ ਵੀ ਦਲ ਖਾਲਸਾ ਦੇ ਕਿਸੇ ਵੀ ਮੈਂਬਰ ਜਾ ਅਹੁਦੇਦਾਰ ਨਾਲ ਜਾ ਫਿਰ 95019,65267 ਇਸ ਨੰਬਰ ਤੇ ਸੰਪਰਕ ਕਰੇ ! ਇਸ ਮੌਕੇ ਹੋਰਨਾਂ ਤੋਂ ਇਲਾਵਾ ਤਜਿੰਦਰ ਪਾਬਲਾ ਹੁਸ਼ਿਆਰਪੁਰ,ਭਵਜੋਤ ਸਿੰਘ,ਵਰਿੰਦਰ ਸਿੰਘ,ਹਰਮੋਹਿਤ ਸਿੰਘ,ਜੀਤ ਸਿੰਘ ਮਾਹਿਲਪੁਰ ਆਦਿ ਹਾਜ਼ਰ ਸਨ !

# ਡੇਰਾਬੱਸੀ ਦੇ ਪੁਰਾਣੇ ਬਾਜ਼ਾਰ ਚ ਗਿਫਟ ਹਾਊਸ ਸਮੇਤ ਘਰ ਨੂੰ ਲੱਗੀ ਅੱਗ, ਲੱਖਾਂ ਦਾ ਨੁਕਸਾਨ

ਡੇਰਾਬੱਸੀ,(ਲੋਕ ਬਾਣੀ)

ਡੇਰਾਬੱਸੀ ਸ਼ਹਿਰ ਦੇ ਪੁਰਾਣੇ ਬਾਜ਼ਾਰ ਵਿੱਚ ਕੱਲ ਸਵੇਰੇ ਕਰੀਬ 6 ਵਜੇ ਦੌਰਾਨ ਇੱਕ ਗਿਫਟ ਸ਼ਾਪ ਸਮੇਤ ਘਰ ਚ ਭਿਆਨਕ ਅੱਗ ਲੱਗ ਗਈ, ਅੱਗ ਕਾਰਨ ਲੱਖਾਂ ਰੁਪਏ ਦਾ ਨੁਕਸਾਨ ਹੋਇਆ ਹੈ।

ਜਾਣਕਾਰੀ ਅਨੁਸਾਰ ਅੱਗ ਲੱਗਣ ਦਾ ਕਾਰਨ ਬਿਜਲੀ ਦਾ ਸ਼ਾਰਟ ਸਰਕਟ ਦੱਸਿਆ ਜਾ ਰਿਹਾ ਹੈ। ਦੁਕਾਨ ਦੇ ਮਾਲਕ ਰਾਕੇਸ਼ ਸ਼ਰਮਾ ਨੇ ਦੱਸਿਆ ਕਿ ਜਦੋਂ ਉਸਨੇ ਸਵੇਰੇ ਦੁਕਾਨ ਵਿੱਚ ਅੱਗ ਦੀਆਂ ਲਪਟਾਂ ਵੇਖੀਆਂ ਤਾਂ ਉਹ ਤੁਰੰਤ ਫਾਇਰ ਬ੍ਰਿਗੇਡ ਦਫ਼ਤਰ ਪਹੁੰਚਿਆ, ਜੋ ਕਿ ਨੇੜੇ ਹੀ ਸਥਿਤ ਹੈ। ਉਹ ਉੱਥੇ ਗਿਆ ਅਤੇ ਅੱਗ ਲੱਗਣ ਬਾਰੇ ਦੱਸਿਆ, ਜਿਸ ਤੋਂ ਬਾਅਦ ਘਟਨਾ ਵਾਲੀ ਥਾਂ ਦੀਆਂ ਤੰਗ ਗਲੀਆਂ ਕਾਰਨ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੂੰ ਮੌਕੇ ਤੇ ਪਹੁੰਚਣ ਲਈ ਕਾਫੀ ਮੁਸ਼ੱਕਤ ਕਰਨੀ ਪਈ। ਫਾਇਰ ਬ੍ਰਿਗੇਡ ਮੁਲਾਜ਼ਮਾਂ ਨੇ ਥੋੜ੍ਹੀ ਦੂਰੀ ਤੋਂ ਪਾਈਪਾਂ ਜੋੜ ਕੇ ਅੱਗ ਤੇ ਕਾਬੂ ਪਾਇਆ। ਕਾਫ਼ੀ ਕੋਸ਼ਿਸ਼ਾਂ ਤੋਂ ਬਾਅਦ ਅੱਗ ਬੁਝਾਈ ਗਈ, ਪਰ ਉਦੋਂ ਤੱਕ ਦੁਕਾਨ ਵਿੱਚ ਰੱਖਿਆ ਸਾਰਾ ਸਾਮਾਨ ਸੜ ਕੇ ਸੁਆਹ ਹੋ ਚੁੱਕਾ ਸੀ।

ਅੱਗ ਲੱਗਣ ਨਾਲ ਨਾ ਸਿਰਫ਼ ਗਿਫਟ ਸ਼ਾਪ ਨੂੰ ਨੁਕਸਾਨ ਪਹੁੰਚਿਆ, ਸਗੋਂ ਨੇੜਲੀਆਂ ਹੋਰ



ਦੁਕਾਨਾਂ ਨੂੰ ਵੀ ਨੁਕਸਾਨ ਪਹੁੰਚਿਆ। ਦੁਕਾਨ ਦੇ ਸਾਹਮਣੇ ਲੱਗੇ ਸੀਸੀਟੀਵੀ ਕੈਮਰਿਆਂ ਨੂੰ ਅੱਗ ਲੱਗ ਗਈ ਅਤੇ ਉਹ ਪੂਰੀ ਤਰ੍ਹਾਂ ਸੜ ਗਏ। ਇਸ ਦੇ ਨਾਲ ਹੀ ਅੱਗ ਦੁਕਾਨ ਦੇ ਪਿੱਛੇ ਸਥਿਤ ਰਾਕੇਸ਼ ਸ਼ਰਮਾ ਦੇ ਘਰ ਵਿੱਚ ਵੀ ਫੈਲ ਗਈ, ਜਿਸ ਕਾਰਨ ਉੱਥੇ ਰੱਖਿਆ ਸਾਰਾ ਸਾਮਾਨ ਸੜ ਗਿਆ। ਰਾਕੇਸ਼ ਸ਼ਰਮਾ ਨੇ ਦੱਸਿਆ ਕਿ ਇਸ ਅੱਗ ਵਿੱਚ ਉਨ੍ਹਾਂ ਦਾ 10 ਤੋਂ 12 ਲੱਖ ਰੁਪਏ ਦਾ ਨੁਕਸਾਨ ਹੋਇਆ ਹੈ। ਉਸਦੀ ਦੁਕਾਨ ਵਿੱਚ ਗਿਫਟ ਆਈਟਮਾਂ, ਖਿਡੌਣੇ, ਸ਼ਿੰਗਾਰ ਸਮੱਗਰੀ ਅਤੇ ਹੋਰ ਬਹੁਤ ਸਾਰੀਆਂ ਕੀਮਤੀ ਚੀਜ਼ਾਂ ਦਾ ਗੋਦਾਮ ਸੀ, ਜੋ ਪੂਰੀ ਤਰ੍ਹਾਂ ਸੜ ਗਈਆਂ।

# ਵਿਧਾਇਕ ਜਸਵੰਤ ਸਿੰਘ ਗੱਜਣਮਾਜਰਾ, ਡੀ.ਸੀ. ਅਤੇ ਐਸ.ਐਸ.ਪੀ. ਵੱਲੋਂ ਪੀ ਐੱਮ ਸ਼੍ਰੀ ਸਕੂਲ ਭੋਗੀਵਾਲ ਦਾ ਦੌਰਾ

ਮਾਲੇਰਕੋਟਲਾ, 1(ਲੋਕ ਬਾਣੀ) ਅਮਰਗੜ੍ਹ ਦੇ ਵਿਧਾਇਕ ਜਸਵੰਤ ਸਿੰਘ ਗੱਜਣਮਾਜਰਾ ਨੇ ਮਾਲੇਰਕੋਟਲਾ ਦੇ ਡਿਪਟੀ ਕਮਿਸ਼ਨਰ ਡਾ. ਪੱਲਵੀ, ਡਾਇਰੈਕਟਰ ਸਕੂਲ ਸਿੱਖਿਆ ਪਰਮਜੀਤ ਸਿੰਘ ਅਤੇ ਜ਼ਿਲ੍ਹਾ ਪੁਲਿਸ ਮੁਖੀ ਗਗਨ ਅਜੀਤ ਸਿੰਘ ਦੇ ਨਾਲ ਅੱਜ ਪੀ ਐੱਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੋਗੀਵਾਲ ਦਾ ਦੌਰਾ ਕੀਤਾ।



ਦੌਰੇ ਦੌਰਾਨ, ਪਤਵੰਤਿਆਂ ਨੇ ਸਕੂਲ ਦੇ ਵਿਦਿਆਰਥੀਆਂ ਦੁਆਰਾ ਆਯੋਜਿਤ ਇੱਕ ਪ੍ਰਭਾਵਸ਼ਾਲੀ ਕਲਾ ਪ੍ਰਦਰਸ਼ਨੀ ਦੇਖੀ। ਪ੍ਰਦਰਸ਼ਨੀ ਵਿੱਚ ਵਿਦਿਆਰਥੀਆਂ ਦੁਆਰਾ ਉਨ੍ਹਾਂ ਦੇ ਵਿਹਾਰਕ ਸਿਲੇਬਸ ਦੇ ਕੰਮ ਦੇ ਹਿੱਸੇ ਵਜੋਂ ਬਣਾਏ ਗਏ ਨਵੀਨਤਾਕਾਰੀ ਮਾਡਲਾਂ ਅਤੇ ਪ੍ਰੋਜੈਕਟਾਂ ਨੂੰ ਪ੍ਰਦਰਸ਼ਿਤ ਕੀਤਾ ਗਿਆ। ਪ੍ਰਭਾਵਸ਼ਾਲੀ ਪ੍ਰਦਰਸ਼ਨੀਆਂ ਵਿੱਚ ਵਿਦਿਆਰਥੀਆਂ ਦੀ ਸਿਰਜਣਾਤਮਕਤਾ, ਸਖ਼ਤ ਮਿਹਨਤ ਅਤੇ ਉਨ੍ਹਾਂ ਦੀ ਕਲਾ ਪ੍ਰਤੀ ਸਮਰਪਣ ਸਪੱਸ਼ਟ ਸੀ।

ਉਕਤ ਅਧਿਕਾਰੀਆਂ ਨੇ ਪੰਜਾਬੀ ਸੱਭਿਆਚਾਰਕ ਪਾਰਕ ਦਾ ਵੀ ਦੌਰਾ ਕੀਤਾ, ਜੋ ਕਿ ਜ਼ਿਲ੍ਹੇ ਵਿੱਚ ਇੱਕ ਅਤਿ-ਆਧੁਨਿਕ ਸਹੂਲਤ ਹੈ ਜੋ ਰਾਜ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਪ੍ਰਦਰਸ਼ਿਤ ਕਰਦੀ ਹੈ। ਪਾਰਕ ਦੇ ਸੁੰਦਰ ਢੰਗ ਨਾਲ ਡਿਜ਼ਾਈਨ ਕੀਤੇ ਗਏ ਬੁਨਿਆਦੀ ਢਾਂਚੇ ਅਤੇ ਜਾਣਕਾਰੀ ਭਰਪੂਰ ਪ੍ਰਦਰਸ਼ਨੀਆਂ ਨੇ ਦਰਸ਼ਕਾਂ ਤੇ ਸਥਾਈ ਪ੍ਰਭਾਵ ਛੱਡਿਆ।

ਇਸ ਮੌਕੇ ਤੇ ਬੋਲਦਿਆਂ ਵਿਧਾਇਕ ਜਸਵੰਤ ਸਿੰਘ ਗੱਜਣਮਾਜਰਾ ਨੇ ਸਕੂਲ ਦੇ ਵਿਦਿਆਰਥੀਆਂ ਅਤੇ ਸਟਾਫ਼ ਦੀ ਸ਼ਲਾਘਾ ਕੀਤੀ ਕਿ ਉਨ੍ਹਾਂ ਨੇ ਇੱਕ ਅਨੁਕੂਲ ਸਿੱਖਣ ਵਾਤਾਵਰਣ ਬਣਾਉਣ ਵਿੱਚ ਸ਼ਾਨਦਾਰ ਯਤਨ ਕੀਤੇ। ਉਨ੍ਹਾਂ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਦੀ ਮਹੱਤਤਾ ਤੇ ਜ਼ੋਰ ਦਿੱਤਾ, ਅਤੇ ਸਕੂਲ ਦੀ ਇਨ੍ਹਾਂ ਕਦਰਾਂ-ਕੀਮਤਾਂ ਪ੍ਰਤੀ ਵਚਨਬੱਧਤਾ ਲਈ ਪ੍ਰਸ਼ੰਸਾ ਕੀਤੀ।

ਡਿਪਟੀ ਕਮਿਸ਼ਨਰ ਡਾ. ਪੱਲਵੀ ਅਤੇ ਡਾਇਰੈਕਟਰ ਸਕੂਲ ਸਿੱਖਿਆ ਪਰਮਜੀਤ ਸਿੰਘ ਨੇ ਵੀ ਵਿਦਿਆਰਥੀਆਂ ਦੀ ਸਿਰਜਣਾਤਮਕਤਾ ਅਤੇ ਨਵੀਨਤਾ ਦੀ ਸ਼ਲਾਘਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀਆਂ ਕਲਾਤਮਕ ਪ੍ਰਤਿਭਾਵਾਂ ਦੀ ਖੋਜ ਕਰਦੇ ਰਹਿਣ ਅਤੇ ਆਪਣੇ ਸਾਰੇ ਯਤਨਾਂ ਵਿੱਚ ਉੱਤਮਤਾ ਲਈ ਯਤਨਸ਼ੀਲ ਰਹਿਣ ਲਈ ਉਤਸ਼ਾਹਿਤ ਕੀਤਾ।

ਜ਼ਿਲ੍ਹਾ ਪੁਲਿਸ ਮੁਖੀ ਗਗਨ ਅਜੀਤ ਸਿੰਘ ਨੇ ਪਾਠਕ੍ਰਮ ਤੋਂ ਬਾਹਰਲੀਆਂ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਅਤੇ ਵਿਦਿਆਰਥੀਆਂ ਵਿੱਚ ਭਾਈਚਾਰੇ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਵਿੱਚ ਸਕੂਲ ਦੇ ਯਤਨਾਂ ਦੀ ਸ਼ਲਾਘਾ ਕੀਤੀ। ਇਹ ਦੌਰਾ ਸਿੱਖਿਆ ਨੂੰ ਉਤਸ਼ਾਹਿਤ ਕਰਨ ਅਤੇ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਲਈ ਸਰਕਾਰ ਦੀ ਵਚਨਬੱਧਤਾ ਦਾ ਪ੍ਰਮਾਣ ਸੀ। ਸਕੂਲ ਦਾ ਵਿਦਿਆਰਥੀਆਂ ਵਿੱਚ ਇੱਕ ਚੰਗੀ ਤਰ੍ਹਾਂ ਤਿਆਰ ਸਿੱਖਿਆ ਪ੍ਰਦਾਨ ਕਰਨ ਅਤੇ ਰਚਨਾਤਮਕਤਾ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਲਈ ਸਮਰਪਣ ਸੱਚਮੁੱਚ ਸ਼ਲਾਘਾਯੋਗ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸੁਖਪ੍ਰੀਤ ਸਿੰਘ ਸਿੱਧੂ, ਸਵਰਨਜੀਤ ਕੌਰ ਐਸ.ਪੀ,ਐਸ.ਡੀ.ਐਮ. ਹਰਬੰਸ ਸਿੰਘ ਸਮੇਤ ਹੋਰ ਅਧਿਕਾਰੀ ਵੀ ਇਸ ਮੌਕੇ ਮੌਜੂਦ ਸਨ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in



St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN •56 Colleges & Schools •200 Merit Positions •125 Companies For Placements •75 Academic Courses •2000 Placements In 2022-2023 •42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
/stsoldiergroup
www.stsoldiergroup.com
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565